TOURIST VISA USA CANADA
SCHENGEN/ UK AUSTRALIA/ NZ
1140 VISA
1 ਜਨਵਰੀ 2025 ਤੋਂ 18 ਜੂਨ 2025 ਤੱਕ ਲੱਗੇ
easyvisa
8283 000800

ਰੋਜ਼ਾਨਾ
ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

ਮੁੱਖ ਸੰਪਾਦਕ : ਅਮਨਦੀਪ ਮਹਿਰਾ
Daily Lokbani, Jalandhar
ਵੀਰਵਾਰ 25 ਸਤੰਬਰ, 2025
Email : lokbani08@gmail.com

ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

R. N. I. Punpun/29016/2008 ਸਾਲ : 17 ਅੰਕ: 35 ਮੁੱਲ : 06 ਰੁਪਏ • ਕੁੱਲ ਪੰਨੇ : 10, ਦਫ਼ਤਰ : 2211009, M : +91 99155 94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਹੌਜ਼ਰੀ ਕਾਰੋਬਾਰੀ ਦੇ ਘਰ ਨੂੰ ਲੱਗੀ ਅੱਗ, ਦਾਦੀ ਪੋਤੇ ਦੀ ਮੌਤ

ਲੁਧਿਆਣਾ (ਲੋਕ ਬਾਣੀ)-ਲੁਧਿਆਣਾ ਵਿੱਚ ਅੱਜ ਸਵੇਰੇ ਸਵੇਰੇ ਇੱਕ ਦੁਖਦਾਈ ਹਾਦਸਾ ਵਾਪਰਿਆ ਹੈ। ਸ਼ਹਿਰ ਦੇ ਭਾਰਤ ਨਗਰ ਚੌਂਕ ਨੇੜੇ ਇੱਕ ਹੌਜ਼ਰੀ ਕਾਰੋਬਾਰੀ ਦੀ ਦੇ ਘਰ ਵਿੱਚ ਭਿਆਨਕ ਅੱਗ ਲੱਗ ਗਈ, ਜਿਸ ਕਾਰਨ ਦਮ ਘੁੱਟਣ ਨਾਲ ਦਾਦੀ ਤੇ ਪੋਤੇ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਜਿਸ ਸਮੇਂ ਅੱਗ ਲੱਗੀ ਇਮਾਰਤ ਦੀ ਪਹਿਲੀ ਮੰਜ਼ਿਲ ’ਤੇ 10 ਵਿਅਕਤੀ ਮੌਜੂਦ ਸਨ, ਜਿਨ੍ਹਾਂ ਵਿੱਚੋਂ 8 ਨੂੰ ਤਾਂ ਸੁਰੱਖਿਅਤ ਕੱਢ ਲਿਆ ਗਿਆ। ਪਰ ਦਾਦੀ ਤੇ ਪੋਤੇ ਦੀ ਦਮ ਘੁਟਣ ਕਾਰਨ ਮੌਤ ਹੋ ਗਈ। ਘਰ ਦੀ ਜ਼ਮੀਨੀ ਮੰਜ਼ਿਲ ’ਤੇ ਕਾਰੋਬਾਰੀ ਵੱਲੋਂ ਧਾਗਾ ਫੈਕਟਰੀ ਬਣਾਈ ਹੋਈ ਸੀ, ਜਿੱਥੇ ਸ਼ਾਰਟ ਸਰਕਟ ਹੋਣ ਕਾਰਨ ਅੱਗ ਫੈਲ ਗਈ। ਅੱਗ ਐਨੀ ਭਿਆਨਕ ਸੀ ਕਿ ਮੌਕੇ ’ਤੇ 15 ਤੋਂ ਜ਼ਿਆਦਾ ਅੱਗ ਫਾਇਰ ਬ੍ਰਿਗੇਡ ਗੱਡੀਆਂ ਪੁੱਜੀਆਂ। ਅਧਿਕਾਰੀਆਂ ਨੇ ਸਾਵਧਾਨੀ ਵੱਜੋਂ ਆਸਪਾਸ ਦੇ ਘਰ ਵੀ ਖਾਲੀ ਕਰਵਾ ਲਏ ਸਨ। ਜਾਣਕਾਰੀ ਮੁਤਾਬਕ ਭਾਰਤ ਨਗਰ ਚੌਂਕ ਦੇ ਪੈਟਰੋਲ ਪੰਪ ਦੇ ਪਿੱਛੇ ਗਲੀ ਵਿੱਚ ਰਜਤ ਚੌਂਪੜਾ ਦੀ ਚੌਂਪੜੀ ਨਾਂ ਦੀ ਫੈਕਟਰੀ ਹੈ, ਜਿਸ ਵਿੱਚ ਧਾਗਾ ਤੇ ਹੋਰ ਸਮਾਨ ਬਣਦਾ ਹੈ। ਕੋਠੀ ਦੇ ਗਰਾਉਂਡ ਫਲੋਰ ਵਿੱਚ ਫੈਕਟਰੀ ਚੱਲਦੀ ਹੈ ਅਤੇ ਉੱਪਰੀ ਮੰਜ਼ਿਲ ’ਤੇ ਉਹ ਪਰਿਵਾਰ ਨਾਲ ਰਹਿੰਦੇ ਹਨ।

# ਯੂਕਰੇਨ ਦੇ ਰਾਸ਼ਟਰਪਤੀ ਜ਼ੇਲੈਂਸਕੀ ਨੇ ਕਿਹਾ ਕਿ ਭਾਰਤ ‘ਜ਼ਿਆਦਾਤਰ ਸਾਡੇ ਨਾਲ’

## ਉਮੀਦ ਕੀਤੀ ਕਿ ਟਰੰਪ ਦੇ ਦਖਲ ਨਾਲ ਨਵੀਂ ਦਿੱਲੀ ਰੂਸੀ ਊਰਜਾ ਖੇਤਰ ਪ੍ਰਤੀ ਆਪਣਾ ਰਵੱਈਆ ਬਦਲੇਗਾ

ਕੀਵ (ਲੋਕ ਬਾਣੀ)-ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੈਂਸਕੀ ਨੇ ਕਿਹਾ ਕਿ ਭਾਰਤ ਜ਼ਿਆਦਾਤਰ ਸਾਡੇ ਨਾਲ ਹੈ ਅਤੇ ਉਮੀਦ ਜ਼ਾਹਰ ਕੀਤੀ ਕਿ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਦਖਲ ਨਾਲ ਨਵੀਂ ਦਿੱਲੀ ਰੂਸੀ ਊਰਜਾ ਖੇਤਰ ਪ੍ਰਤੀ ਆਪਣਾ ਰਵੱਈਆ ਬਦਲੇਗਾ। ਜ਼ੇਲੈਂਸਕੀ ਫੌਕਸ ਨਿਊਜ਼ ਨੂੰ ਇੱਕ ਇੰਟਰਵਿਊ ਦੌਰਾਨ ਚੀਨ ਅਤੇ ਭਾਰਤ ਵੱਲੋਂ ਰੂਸ ਦੀ ਯੂਕਰੇਨ ਵਿਰੁੱਧ ਜੰਗ ਵਿੱਚ ਯੋਗਦਾਨ ਪਾਉਣ ਬਾਰੇ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ। ਅਮਰੀਕਾ ਨੇ ਅਕਸਰ ਭਾਰਤ ਅਤੇ ਚੀਨ ਨੂੰ ਰੂਸੀ ਤੇਲ ਖਰੀਦਣ ਲਈ ਜ਼ਿੰਮੇਵਾਰ ਠਹਿਰਾਇਆ ਹੈ, ਜਿਸ ਬਾਰੇ ਰਾਸ਼ਟਰਪਤੀ ਟਰੰਪ ਨੇ ਦਾਅਵਾ ਕੀਤਾ ਹੈ ਕਿ ਇਹ ਮਾਸਕੋ ਦੀ ਯੂਕਰੇਨ ਵਿਰੁੱਧ ਜੰਗ ਲਈ ਫੰਡ ਦਿੰਦਾ ਹੈ। ਜ਼ੇਲੈਂਸਕੀ ਨੇ ਕਿਹਾ, “ਮੈਨੂੰ ਲੱਗਦਾ ਹੈ ਕਿ ਭਾਰਤ



ਜ਼ਿਆਦਾਤਰ ਸਾਡੇ ਨਾਲ ਹੈ। ਹਾਂ, ਸਾਡੇ ਕੋਲ ਊਰਜਾ ਨਾਲ ਸਬੰਧਤ ਇਹ ਸਵਾਲ ਹਨ, ਪਰ ਮੈਨੂੰ ਲੱਗਦਾ ਹੈ ਕਿ ਰਾਸ਼ਟਰਪਤੀ ਟਰੰਪ ਯੂਰਪੀਅਨਾਂ ਨਾਲ ਇਸਦਾ ਪ੍ਰਬੰਧ ਕਰ ਸਕਦੇ ਹਨ, ਭਾਰਤ ਨਾਲ ਹੋਰ ਨਜ਼ਦੀਕੀ ਅਤੇ ਮਜ਼ਬੂਤ ਸਬੰਧ ਬਣਾ ਸਕਦੇ ਹਨ।” ਉਹ ਇੱਕ ਫੌਕਸ ਨਿਊਜ਼ ਇੰਟਰਵਿਊਰ ਦੁਆਰਾ ਇੱਕ ਖਾਸ ਸਵਾਲ ਦਾ ਜਵਾਬ ਦੇ ਰਹੇ ਸਨ: ‘ ਜ਼ੇਲੈਂਸਕੀ ਨੇ ਕਿਹਾ, “ਮੈਂ ਚੀਨ ਬਾਰੇ ਯਕੀਨੀ ਹਾਂ, ਇਹ ਵਧੇਰੇ ਮੁਸ਼ਕਲ ਹੈ ਕਿਉਂਕਿ ਇਹ ਅੱਜ ਲਈ ਨਹੀਂ ਹੈ। ਰੂਸ ਦਾ ਸਮਰਥਨ ਨਾ ਕਰਨਾ ਉਨ੍ਹਾਂ ਦੇ ਹਿੱਤ ਵਿੱਚ ਨਹੀਂ ਹੈ।” ਉਨ੍ਹਾਂ ਇਹ ਵੀ ਕਿਹਾ, ਮੈਨੂੰ ਲੱਗਦਾ ਹੈ ਕਿ ਈਰਾਨ ਕਦੇ ਵੀ ਸਾਡੇ ਪੱਖ ਵਿੱਚ ਨਹੀਂ ਹੋਵੇਗਾ, ਕਿਉਂਕਿ ਅਸੀਂ ਕਦੇ ਵੀ ਸੰਯੁਕਤ ਰਾਜ ਦੇ ਪੱਖ ਵਿੱਚ ਨਹੀਂ ਹੋਵਾਂਗੇ ਜ਼ੇਲੈਂਸਕੀ ਨੇ ਕਿਹਾ, “ਜੇ ਚੀਨ ਸੱਚਮੁੱਚ ਇਸ ਜੰਗ ਨੂੰ ਰੋਕਣਾ ਚਾਹੁੰਦਾ, ਤਾਂ ਇਹ ਮਾਸਕੋ ਨੂੰ ਹਮਲਾ ਖਤਮ ਕਰਨ ਲਈ ਮਜਬੂਰ ਕਰ ਸਕਦਾ ਸੀ। ਚੀਨ ਤੋਂ ਬਿਨਾਂ ਪੁਤਿਨ ਦਾ ਰੂਸ ਕੁਝ ਵੀ ਨਹੀਂ ਹੈ। ਫਿਰ ਵੀ ਅਕਸਰ ਚੀਨ ਸ਼ਾਂਤੀ ਲਈ ਸਰਗਰਮ ਹੋਣ ਦੀ ਬਜਾਏ ਚੁੱਪ ਅਤੇ ਦੂਰ ਰਹਿੰਦਾ ਹੈ।”

## ਹੁਣ ਵੋਟਰ ਸੂਚੀ ਵਿੱਚੋਂ ਨਾਮ ਹਟਾਉਣਾ ਆਸਾਨ ਨਹੀਂ

ਨਵੀਂ ਦਿੱਲੀ (ਲੋਕ ਬਾਣੀ)-ਚੋਣ ਕਮਿਸ਼ਨ ਨੇ ਵੋਟਰ ਸੂਚੀ ਵਿੱਚੋਂ ਨਾਂ ਹਟਾਉਣ ਦੀ ਪ੍ਰਕਿਰਿਆ ਦੇ ਦੁਰਪਯੋਗ ਰੋਕਣ ਲਈ ਇੱਕ ਨਵਾਂ ਈ-ਵੈਰੀਫਿਕੇਸ਼ਨ ਸਿਸਟਮ ਲਾਗੂ ਕੀਤਾ ਹੈ। ਹੁਣ ਜੇ ਕੋਈ ਵਿਅਕਤੀ ਕਿਸੇ ਦਾ ਨਾਂ ਹਟਵਾਉਣ ਜਾਂ ਸ਼ਾਮਲ ਹੋਣ ’ਤੇ ਇਤਰਾਜ਼ ਕਰਦਾ ਹੈ ਤਾਂ ਉਸ ਦੇ ਰਜਿਸਟਰਡ ਮੋਬਾਈਲ ’ਤੇ OTP ਆਵੇਗਾ, ਜੋ ਦੱਸੇਗਾ ਕਿ ਅਸਲ ਵਿਅਕਤੀ ਹੀ ਅਰਜ਼ੀ ਦੇ ਰਿਹਾ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਪਹਿਲਾਂ ਕੁਝ ਲੋਕ ਕਿਸੇ ਹੋਰ ਦੇ ਨਾਂ ਜਾਂ ਨੰਬਰ ਦੀ ਵਰਤੋਂ ਕਰ ਕੇ ਨਾਂ ਹਟਵਾਉਣ ਦੀ ਕੋਸ਼ਿਸ਼ ਕਰਦੇ ਸਨ ਪਰ ਹੁਣ ਇਹ ਸਿਸਟਮ ਇਸ ਤਰ੍ਹਾਂ ਦੀ ਧੋਖਾਧੜੀ ਨੂੰ ਰੋਕੇਗਾ। ਇਹ ਸਿਸਟਮ ਇੱਕ ਹਫ਼ਤਾ ਪਹਿਲਾਂ ਲਾਗੂ ਹੋਇਆ ਹੈ। ਚੋਣ ਕਮਿਸ਼ਨ ਨੇ ਕਿਹਾ ਕਿ ਇਹ ਕਿਸੇ ਖਾਸ ਘਟਨਾ ਦਾ ਜਵਾਬ ਨਹੀਂ ਪਰ ਇਕ ਨਵਾਂ ਸੁਰੱਖਿਆ ਕਦਮ ਹੈ। ਦੱਸ ਦਈਏ ਕਿ ਕਰਨਾਟਕ ਦੇ ਅਲੰਦ ਹਲਕੇ ਵਿੱਚ ਨਾਅ ਹਟਵਾਉਣ ਲਈ 6,018 ਫਾਰਮ, ਜਿਨ੍ਹਾਂ ਵਿੱਚ ਸੱਤ ਆਨਲਾਈਨ ਭਰੇ ਗਏ ਸਨ ਪਰ ਜਾਂਚ ਦੌਰਾਨ ਸਿਰਫ਼ 24 ਅਸਲੀ ਨਿਕਲੇ। 5,994 ਫਰਜ਼ੀ ਨਿਕਲੇ, ਜੋ ਰੱਦ ਕਰ ਦਿੱਤੇ ਗਏ।

## ਸੀਬੀਐੱਸਈ ਨੇ ਬੋਰਡ ਜਮਾਤਾਂ ਦੀ ਸੰਭਾਵੀ ਡੇਟਸ਼ੀਟ ਐਲਾਨੀ

### 17 ਫਰਵਰੀ ਤੋਂ 15 ਜੁਲਾਈ ਤਕ ਹੋਣਗੀਆਂ ਪ੍ਰੀਖਿਆਵਾਂ

ਚੰਡੀਗੜ੍ਹ (ਲੋਕ ਬਾਣੀ)-ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀਬੀਐਸਈ) ਨੇ ਅਗਲੇ ਸਾਲ 10 ਅਤੇ 12ਵੀਂ ਬੋਰਡ ਪ੍ਰੀਖਿਆਵਾਂ ਲਈ ਸੰਭਾਵੀ ਤਰੀਕਾਂ ਦਾ ਐਲਾਨ ਕਰ ਦਿੱਤਾ ਹੈ। ਇਹ ਪ੍ਰੀਖਿਆਵਾਂ 17 ਫਰਵਰੀ ਤੋਂ 15 ਜੁਲਾਈ ਤਕ ਕਰਵਾਈਆਂ ਜਾਣਗੀਆਂ। ਸੀਬੀਐਸਈ ਮੁਹਾਲੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਨਵੀਂ ਤੇ ਫਾਈਨਲ ਡੇਟਸ਼ੀਟ ਪ੍ਰੀਖਿਆਵਾਂ ਤੋਂ ਥੋੜ੍ਹਾ ਸਮਾਂ ਪਹਿਲਾਂ ਐਲਾਨੀ ਜਾਵੇਗੀ ਪਰ ਸੰਭਾਵੀ ਪ੍ਰੀਖਿਆਵਾਂ ਦੀਆਂ ਤਰੀਕਾਂ ਵਿਚ ਜ਼ਿਆਦਾ ਬਦਲਾਅ ਨਹੀਂ ਕੀਤੇ ਜਾਣਗੇ। ਸੀਬੀਐਸਈ ਦੇ ਪ੍ਰੀਖਿਆਵਾਂ ਦੇ ਕੰਟਰੋਲਰ ਸੰਯਮ ਭਾਰਦਵਾਜ ਨੇ ਦੱਸਿਆ ਕਿ ਇਸ ਵਾਰ ਦਸਵੀਂ ਤੇ ਬਾਰ੍ਹਵੀਂ ਜਮਾਤ ਦੀਆਂ ਮੁੱਖ ਪ੍ਰੀਖਿਆਵਾਂ, ਬਾਰ੍ਹਵੀਂ ਜਮਾਤ ਦੇ ਖੇਡਾਂ ਵਾਲੇ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ, ਦਸਵੀਂ ਜਮਾਤ ਦੀ ਦੂਜੀ ਪ੍ਰੀਖਿਆ ਤੇ ਬਾਰ੍ਹਵੀਂ ਜਮਾਤ ਦੀਆਂ ਸਪਲੀਮੈਂਟਰੀ ਪ੍ਰੀਖਿਆਵਾਂ ਹੋਣਗੀਆਂ। ਇਹ ਪਹਿਲੀ ਵਾਰ ਹੈ ਕਿ ਸੀਬੀਐਸਈ ਨੇ ਇੰਨੀ ਜਲਦੀ ਡੇਟਸ਼ੀਟ ਐਲਾਨੀ ਹੈ। ਇਸ ਵਾਰ ਬੋਰਡ ਨੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੀ ਤਿਆਰੀ ਕਰਨ ਦਾ ਜ਼ਿਆਦਾ ਸਮਾਂ ਦਿੱਤਾ ਹੈ ਤੇ ਅਧਿਆਪਕਾਂ ਨੂੰ ਇਸ ਡੇਟਸ਼ੀਟ ਅਨੁਸਾਰ ਅਗਾਊਂ ਤਿਆਰੀ ਕਰਵਾਉਣ ਲਈ ਕਿਹਾ ਗਿਆ ਹੈ। ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਦੋ ਬੋਰਡ ਪ੍ਰੀਖਿਆਵਾਂ ਹੋਣਗੀਆਂ।




## ਪੰਜਾਬ ਵਿੱਚ ਰਾਜ ਸਭਾ ਦੀ ਖਾਲੀ ਸੀਟ ਲਈ ਜ਼ਿਮਨੀ ਚੋਣ 24 ਅਕਤੂਬਰ ਨੂੰ

ਚੰਡੀਗੜ੍ਹ (ਲੋਕ ਬਾਣੀ)-ਰਾਜ ਸਭਾ ਵਿਚ ਪੰਜਾਬ ਦੇ ਹਿੱਸੇ ਦੀ ਖਾਲੀ ਸੀਟ ਲਈ ਜ਼ਿਮਨੀ ਚੋਣ 24 ਅਕਤੂਬਰ ਨੂੰ ਹੋਵੇਗੀ। ਭਾਰਤੀ ਚੋਣ ਕਮਿਸ਼ਨ ਨੇ ਇਸ ਲਈ ਅੱਜ ਸ਼ਡਿਊਲ ਜਾਰੀ ਕਰ ਦਿੱਤਾ ਹੈ। ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਜ਼ਿਮਨੀ ਚੋਣ ਲਈ ਨੋਟੀਫਿਕੇਸ਼ਨ 6 ਅਕਤੂਬਰ ਨੂੰ ਰਸਮੀ ਤੌਰ ’ਤੇ ਜਾਰੀ ਕੀਤਾ ਜਾਵੇਗਾ। ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 13 ਅਕਤੂਬਰ ਹੋਵੇਗੀ। ਇਸ ਤੋਂ ਬਾਅਦ ਨਾਮਜ਼ਦਗੀਆਂ ਦੀ ਪੜਤਾਲ 14 ਅਕਤੂਬਰ ਨੂੰ ਅਤੇ ਵਾਪਸੀ 16 ਅਕਤੂਬਰ ਨੂੰ ਹੋਵੇਗੀ। ਰਾਜ ਸਭਾ ਦੀ ਸੀਟ ਲਈ ਵੋਟਿੰਗ 24 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗੀ ਅਤੇ ਨਤੀਜੇ ਉਸੇ ਦਿਨ ਸ਼ਾਮ ਨੂੰ ਐਲਾਨੇ ਜਾਣਗੇ।




ਸੱਭ ਤੋਂ ਵੱਧ ਟੂਰਿਸਟ ਵੀਜ਼ਾ ਲਗਵਾਉਣ ਤੇ 10 ਵਾਰ ਅਵਾਰਡ ਜਿੱਤਣ ਵਾਲੀ ਕੰਪਨੀ
TOURIST VISA
CANADA/ USA
SCHENGEN/ AUSTRALIA/ UK/ NZ
easyvisa
81980 95553
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ

ਲੋਕ ਬਾਣੀ

ਰੋਜ਼ਾਨਾ ਲੋਕ ਬਾਣੀ

www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009



# ਬਰਨਾਲਾ ਦੀਆਂ 16 ਟਰੈਵਲ ਏਜੰਸੀਆਂ ਦੇ ਲਾਇਸੰਸ ਰੱਦ

ਬਰਨਾਲਾ, (ਜਤਿੰਦਰ ਦੇਵਗਨ)- ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਰੂਲਜ਼ 2013 ਅਤੇ ਅਮੇਂਨਡਮੈਂਟ ਰੂਲਜ਼ 2014 ਹੇਠਾਂ ਜਾਰੀ ਵੱਖ ਵੱਖ ਫ਼ਰਮਾਂ ਦੇ ਲਾਇਸੈਂਸ ਮਿਆਦ ਪੁੱਗਣ 'ਤੇ ਜ਼ਿਲ੍ਹਾ ਮੈਜਿਸਟ ?ਰੇਟ ਬਰਨਾਲਾ ਸ੍ਰੀ ਟੀ ਬੈਨਿਥ ਵੱਲੋਂ ਰੱਦ ਕੀਤੇ ਗਏ ਹਨ। ਜ਼ਿਲ੍ਹਾ ਮੈਜਿਸਟ ?ਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਸਬੰਧਤ ਲਾਈਸੈਂਸੀਆਂ ਵਲੋਂ ਲਾਈਸੈਂਸ ਸਰੰਡਰ ਕਰਨ ਦੀ ਦਿੱਤੀ ਦਰਖਾਸਤ ਅਤੇ ਉਪ ਮੰਡਲ ਮੈਜਿਸਟ ?ਰੇਟਾਂ ਵਲੋਂ ਪ੍ਰਾਪਤ ਰਿਪੋਰਟ ਦੇ ਆਧਾਰ 'ਤੇ ਇਹ ਕਾਰਵਾਈ ਅਮਲ ਵਿਚ ਲਿਆਂਦੀ ਗਈ ਹੈ। ਲਾਇਸੈਂਸਾਂ ਦੇ ਵੇਰਵੇ ਇਸ ਪ੍ਰਕਾਰ ਹਨ – ਸ੍ਰੀ ਜਰਨੈਲ ਸਿੰਘ ਪੁੱਤਰ ਸ੍ਰੀ ਪਿਸ਼ੌਰਾ ਸਿੰਘ ਵਾਸੀ ਕਲਾਲ ਮਾਜਰਾ ਰੋਡ, ਪੱਤੀ ਸੋਧਾ, ਮਹਿਲ ਕਲਾਂ ਜ਼ਿਲ੍ਹਾ ਬਰਨਾਲਾ ਅਤੇ ਸ੍ਰੀ ਪ੍ਰਵੀਨ ਕੁਮਾਰ ਪੁੱਤਰ ਸ੍ਰੀ ਮੋਹਿੰਦਰ ਸਿੰਘ ਵਾਸੀ ਪੱਤੀ ਸੋਧਾ, ਮਹਿਲ ਕਲਾਂ ਜ਼ਿਲ੍ਹਾ ਬਰਨਾਲਾ, ਵਾਸੀ ਅਨਾਜ ਮੰਡੀ, ਗੇਟ ਨੰ. 1, ਬੂਥ ਨੰ. 70, ਮਹਿਲ ਕਲਾਂ ਜ਼ਿਲ੍ਹਾ ਬਰਨਾਲਾ ਦੇ ਨਾਮ 'ਤੇ ਜਾਰੀ ਫਰਮ M/s ਨਵਾਬ ਟਰੈਵਲਜ਼ ਦਾ ਲਾਈਸੈਂਸ ਨੰਬਰ 33/MA/DM/BNL, ਸ੍ਰੀ ਨਵਦੀਪ ਸਿੰਘ ਪੁੱਤਰ ਸ੍ਰੀ ਦਰਸ਼ਨ ਲਾਲ ਪਿੰਡ ਲਾਮਾ, ਤਹਿਸੀਲ ਜਗਰਾਓ, ਜ਼ਿਲ੍ਹਾ ਲੁਧਿਆਣਾ ਦੇ ਨਾਮ 'ਤੇ ਜਾਰੀ ਫ਼ਰਮ M/s ਗਲੋਬਲ ਐਜੂਕੇਸ਼ਨ ਬਰਨਾਲਾ, 14, 16 ਏਕੜ ਬਰਨਾਲਾ, ਜ਼ਿਲ੍ਹਾ ਬਰਨਾਲਾ ਦਾ ਲਾਈਸੈਂਸ ਨੰਬਰ 47/MA/DM/ਬਨਲ ਰੱਦ ਕਰ ਦਿੱਤਾ ਗਿਆ ਹੈ।

# 10 ਲੱਖ ਦੀ ਸਿਹਤ ਬੀਮਾ ਯੋਜਨਾ ਪੰਜਾਬ ਸਰਕਾਰ ਵਲੋਂ ਸਿਹਤ ਸਹੂਲਤਾਂ ਦੇ ਖੇਤਰ 'ਚ ਕ੍ਰਾਂਤੀਕਾਰੀ ਕਦਮ: ਮੀਤ ਹੇਅਰ, ਹਰਿੰਦਰ ਧਾਲੀਵਾਲ

## 25 ਸਤੰਬਰ ਤੋਂ ਬਰਨਾਲਾ ਵਿਚ ਲੱਗਣਗੇ ਕੈਂਪ; ਹਰ ਸੂਬਾ ਵਾਸੀ ਨੂੰ ਮਿਲੇਗਾ ਸਿਹਤ ਬੀਮਾ ਯੋਜਨਾ ਦਾ ਲਾਭ

ਬਰਨਾਲਾ, (ਜਤਿੰਦਰ ਦੇਵਗਨ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਚੁੱਕਦੇ ਹੋਏ 10 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਲਈ ਰਜਿਸਟ ?ਰੇਸ਼ਨ ਦੀ ਸ਼ੁਰੂਆਤ ਜ਼ਿਲ੍ਹਾ ਤਰਨਤਾਰਨ ਤੋਂ ਕਰ ਦਿੱਤੀ ਗਈ ਹੈ ਅਤੇ ਭਲਕ 25 ਸਤੰਬਰ ਤੋਂ ਬਰਨਾਲਾ ਵਿੱਚ ਰਜਿਸਟ ?ਰੇਸ਼ਨ ਕੈਂਪ ਲਾਏ ਜਾਣਗੇ। ਇਹ ਪ੍ਰਗਟਾਵਾ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਬਰਨਾਲਾ ਦੇ ਇੰਚਾਰਜ ਹਰਿੰਦਰ ਧਾਲੀਵਾਲ ਨੇ ਇੱਥੇ ਮੀਡੀਆ ਨਾਲ ਗੱਲ



ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਹਿਲਾਂ 600 ਯੂਨਿਟ ਮੁਫ਼ਤ ਬਿਜਲੀ ਦਾ ਲਾਭ ਸੂਬੇ ਦੇ ਹਰ ਪਰਿਵਾਰ ਨੂੰ ਦਿੱਤਾ ਜਾ ਰਿਹਾ ਹੈ।

# ਸਰਕਾਰੀ ਸਹੂਲਤਾਂ ਦੀ ਉਡੀਕ 'ਚ, ਸਕ੍ਰੈਪ ਟਰੇਡਰਜ਼ - ਖੁਰਾਣਾ

ਲੁਧਿਆਣਾ ( ਵਰਿੰਦਰ ਪ੍ਰਕਾਸ਼ ਭਾਂਬਰੀ / ਨਰੇਸ਼ ਹੰਸ ): ਸਕਰੈਪ ਟ ?ਰੇਡਰਜ਼ ਐਸੋਸੀਏਸ਼ਨ ਵੱਲੋਂ ਕੇਂਦਰ ਸਰਕਾਰ ਵੱਲੋਂ ਹਾਲ ਹੀ ਵਿੱਚ ਜੀਐਸਟੀ ਦਰਾਂ ਵਿੱਚ ਕੀਤੀਆਂ ਗਈਆਂ ਤਬਦੀਲੀਆਂ ਦਾ ਸਵਾਗਤ ਕੀਤਾ ਗਿਆ ਹੈ। ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰਪਾਲ ਸਿੰਘ ਖੁਰਾਣਾ ਅਤੇ ਚੇਅਰਮੈਨ ਜਰਨੈਲ ਸਿੰਘ ਖੇੜਾ ਬੰਟੂ ਨੇ ਕਿਹਾ ਕਿ ਇਹ ਤਬਦੀਲੀਆਂ ਕਾਰੋਬਾਰੀਆਂ ਲਈ ਕੁਝ ਹੱਦ ਤੱਕ ਰਾਹਤ ਵਾਲੀਆਂ ਸਾਬਤ ਹੋਣਗੀਆਂ। ਉਨ੍ਹਾਂ ਕਿਹਾ ਕਿ ਸਕਰੈਪ ਟ ?ਰੇਡ ਨਾਲ ਜੁੜੇ ਉਦਯੋਗ, ਦੇਸ਼ ਦੀ ਅਰਥਵਿਵਸਥਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ



ਪਰ ਇਸ ਖੇਤਰ ਨੂੰ ਅਜੇ ਵੀ ਸਰਕਾਰਾਂ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਦੀ ਕਮੀ ਮਹਿਸੂਸ ਹੋ ਰਹੀ ਹੈ ਜਿਹੜੀਆਂ ਹੋਰ ਉਦਯੋਗਾਂ ਨੂੰ ਪ੍ਰਾਪਤ ਹਨ। ਐਸੋਸੀਏਸ਼ਨ ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਸਕਰੈਪ ਟ ?ਰੇਡ ਨਾਲ ਸੰਬੰਧਤ ਉਦਯੋਗ ਲਈ ਵੱਖਰੀ ਨੀਤੀ ਤਹਿਤ ਰਾਹਤਾਂ ਅਤੇ ਸਹਾਇਤਾ ਯਕੀਨੀ ਬਣਾਈ ਜਾਵੇ ਤਾਂ ਜੋ ਇਹ ਸੈਕਟਰ ਹੋਰ ਸੁਚੱਜੇ ਢੰਗ ਨਾਲ ਅੱਗੇ ਵਧ ਸਕੇ। ਖੁਰਾਣਾ ਅਤੇ ਖੇੜਾ ਨੇ ਕਿਹਾ ਕਿ ਜਦੋਂ ਕਿ ਜੀਐਸਟੀ ਦਰਾਂ ਵਿੱਚ ਬਦਲਾਅ ਇੱਕ ਸਾਕਾਰਾਤਮਕ ਕਦਮ ਹੈ, ਪਰ ਅਜੇ ਵੀ ਸਕਰੈਪ ਟ ?ਰੇਡ ਨੂੰ ਸਰਕਾਰ ਵੱਲੋਂ ਮਿਲਣ ਵਾਲੀਆਂ ਬੁਨਿਆਦੀ ਸਹੂਲਤਾਂ ਦੀ ਉਡੀਕ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਉਦਯੋਗ ਦੀਆਂ ਅਸਲ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲੰਮੇ ਸਮੇਂ ਦੀ ਯੋਜਨਾ ਬਣਾਈ ਜਾਵੇ।

# ਖ਼ਾਲਸਾ ਕਾਲਜ ਵਿਖੇ ਉੱਦਮਤਾ ਅਤੇ ਸਟਾਰਟਅੱਪ ਸਬੰਧੀ ਸੈਮੀਨਾਰ ਕਰਵਾਇਆ ਗਿਆ

ਅੰਮ੍ਰਿਤਸਰ, (ਲੋਕ ਬਾਣੀ)—ਖ਼ਾਲਸਾ ਕਾਲਜ ਦੇ ਵਣਜ ਅਤੇ ਵਪਾਰ ਪ੍ਰਸ਼ਾਸਨ ਵਿਭਾਗ ਵੱਲੋਂ 'ਉੱਦਮਤਾ ਅਤੇ ਸਟਾਰਟਅੱਪ ਸਬੰਧੀ ਇਕ ਇੰਟਰਐਕਟਿਵ ਗੱਲਬਾਤ: ਨਵੀਨਤਾ ਅਤੇ ਵਿਕਾਸ ਨੂੰ ਅਗਾਂਹ ਵਧਾਉਣਾ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਸਹਿਯੋਗ ਨਾਲ ਕਰਵਾਏ ਗਏ ਉਕਤ ਸੈਮੀਨਾਰ ਮੌਕੇ ਨੀਦਰਲੈਂਡ ਪੀ. ਯੂ. ਐੱਮ. ਤੋਂ ਸੀਨੀਅਰ ਮਾਹਿਰ ਸ੍ਰੀ ਮਿਕ ਵਾਲਵਿਚ ਨੇ ਮੁੱਖ ਮਹਿਮਾਨ, ਗੁਰੂ ਨਾਨਕ ਦੇਵ ਯੂਨੀਵਰਸਿਟੀ ਇਲੈਕਟਰਾਨਿਕਸ ਤਕਨਾਲੋਜੀ ਵਿਭਾਗ ਤੋਂ ਸਹਾਇਕ ਪ੍ਰੋਫੈਸਰ ਸ: ਰਾਜਦੀਪ ਸਿੰਘ ਸੋਹਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਕਤ ਸਮਾਗਮ ਵਿਭਾਗ ਮੁੱਖੀ ਡਾ. ਸਵਰਾਜ ਕੌਰ, ਪ੍ਰੋਗਰਾਮ ਕੋਆਰਡੀਨੇਟਰ ਡਾ. ਦੀਪਕ ਦੇਵਗਨ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਗਿਆ, ਜਿਸ 'ਚ ਡਾ. ਮਨੀਸ਼ਾ ਬਹਿਲ ਅਤੇ ਪ੍ਰੋ. ਪੂਜਾ ਪੁਰੀ ਨੂੰ ਸਹਿ-ਕੋਆਰਡੀਨੇਟਰ ਵਜੋਂ ਨਿਯੁਕਤ ਕੀਤਾ ਗਿਆ ਸੀ। ਇਸ ਮੌਕੇ ਪਿ ?ਰੰ: ਡਾ. ਰੰਧਾਵਾ ਨੇ ਸ੍ਰੀ ਵਾਲਵਿਚ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਸਵਾਗਤ ਕਰਨ ਉਪਰੰਤ ਵਿਭਾਗ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਉੱਭਰ ਰਹੇ ਉੱਦਮੀਆਂ ਨੂੰ ਸਫਲਤਾ ਸਬੰਧੀ ਲੋੜੀਂਦੇ ਹੁਨਰਾਂ ਅਤੇ ਗਿਆਨ ਨਾਲ ਲੈਸ ਕਰਕੇ ਉਨ੍ਹਾਂ ਨੂੰ ਸਸ਼ਕਤ ਬਣਾਵੇ।

# ਸੁਪਰ ਸਾਈਕਲ ਮਾਰਕੀਟ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਵਿੱਚ ਮਾਰਕੀਟ ਦੀ ਬੇਹਤਰੀ ਲਈ ਕੀਤੀ ਗਈ ਵਿਚਾਰ ਚਰਚਾ

ਲੁਧਿਆਣਾ ਵਰਿੰਦਰ ਪ੍ਰਕਾਸ਼ ਭਾਂਬਰੀ / ਸੁਖਚੈਨ ਮਹਿਰਾ): ਸੁਪਰ ਸਾਈਕਲ ਮਾਰਕੀਟ ਵੈਲਫੇਅਰ ਐਸੋਸੀਏਸ਼ਨ ਗਿੱਲ ਰੋਡ ਵੱਲੋਂ ਇਕ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਇਕਬਾਲ ਸਿੰਘ ਦੀ ਦੇਖ ਰੇਖ ਹੇਠ ਕੀਤਾ ਗਿਆ । ਜਿਸ ਵਿੱਚ ਇਲਾਕਾ ਕੌਂਸਲਰ ਸੁਖਦੇਵ ਸਿੰਘ ਸੀਰਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਦਲੀਪ ਸਿੰਘ ਖੁਰਾਣਾ ਅਤੇ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਜਿੱਥੇ ਮਾਰਕੀਟ ਦੇ ਵਿਕਾਸ ਅਤੇ ਸੁਵਿਧਾਵਾਂ ਸਬੰਧੀ ਚਰਚਾ ਕੀਤੀ ਗਈ। ਉੱਥੇ ਪ੍ਰਧਾਨ ਦਲੀਪ ਸਿੰਘ ਖੁਰਾਣਾ ਨੇ ਕਿਹਾ ਕਿ ਸੁਪਰ ਸਾਈਕਲ ਮਾਰਕੀਟ ਸਿਰਫ ਲੁਧਿਆਣਾ ਦੀਆਂ ਬਾਕੀ ਮਾਰਕੀਟਾਂ ਦੇ ਮੁਕਾਬਲੇ ਬਹੁਤ ਪੁਰਾਣੀ ਮਾਰਕੀਟ ਹੈ ਜਿੱਥੇ ਕਿਸੇ ਸਮੇਂ ਪੂਰੇ ਪੰਜਾਬ ਵਿਚੋਂ ਹਰ ਰੋਜ਼ ਹਜ਼ਾਰਾਂ ਲੋਕ ਖਰੀਦਦਾਰੀ ਕਰਨ ਆਉਂਦੇ ਹਨ। ਇਸ ਲਈ ਇਥੇ ਸੁਵਿਧਾਵਾਂ ਦਾ ਹੋਣਾ ਬਹੁਤ ਜ਼ਰੂਰੀ ਹੈ। ਮਾਰਕੀਟ ਐਸੋਸੀਏਸ਼ਨ ਵੱਲੋਂ ਇਲਾਕਾ ਕੌਂਸਲਰ ਸੁਖਦੇਵ ਸਿੰਘ ਸ਼ੀਰਾ (ਵਾਰਡ ਨੰਬਰ



46) ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ ਜਿਸ ਵਿੱਚ ਸਟਰੀਟ ਲਾਈਟਾਂ ਦੀ ਸਹੀ ਵਿਵਸਥਾ ਕਰਨ, ਮਾਰਕੀਟ ਵਿੱਚ ਸਾਫ-ਸਫਾਈ ਦਾ ਖਾਸ ਧਿਆਨ ਰੱਖਣ, ਟੁੱਟੀਆਂ ਗਲੀਆਂ ਦੀ ਮੁਰੰਮਤ ਅਤੇ ਨਵੀਆਂ ਸੜਕਾਂ ਦੇ ਨਿਰਮਾਣ ਦੀ ਮੰਗ ਰੱਖੀ ਗਈ। ਇਸ ਤੋਂ ਇਲਾਵਾ ਪਾਣੀ ਦੀ ਨਿਕਾਸੀ ਲਈ ਨਾਲਿਆਂ ਦੀ ਸਫਾਈ, ਪਾਰਕਿੰਗ ਸਹੂਲਤ ਅਤੇ ਸੁਰੱਖਿਆ ਪ੍ਰਬੰਧਾਂ 'ਤੇ ਵੀ ਗੰਭੀਰ ਚਰਚਾ ਹੋਈ। ਇਲਾਕਾ ਕੌਂਸਲਰ ਸੁਖਦੇਵ ਸਿੰਘ ਸੀਰਾ ਨੇ ਮਾਰਕੀਟ ਐਸੋਸੀਏਸ਼ਨ ਦੀਆਂ ਚਿੰਤਾਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਉਹ ਇਹਨਾਂ ਸਾਰੀਆਂ ਮੰਗਾਂ ਨੂੰ ਕਾਰਪੋਰੇਸ਼ਨ ਅਧਿਕਾਰੀਆਂ ਅੱਗੇ ਰੱਖ ਕੇ ਜਲਦੀ ਕਾਰਵਾਈ ਕਰਵਾਉਣਗੇ। ਮੀਟਿੰਗ ਵਿੱਚ ਹੋਰ ਬੁਲਾਰਿਆਂ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਜੇ ਮਾਰਕੀਟ ਵਿੱਚ ਬੁਨਿਆਦੀ ਸਹੂਲਤਾਂ ਸੁਚਾਰੂ ਢੰਗ ਨਾਲ ਮਿਲਣ ਤਾਂ ਵਪਾਰ ਵਿੱਚ ਹੋਰ ਵੀ ਤਰੱਕੀ ਹੋਵੇਗੀ। ਅੰਤ ਵਿੱਚ ਐਸੋਸੀਏਸ਼ਨ ਵੱਲੋਂ ਕੌਂਸਲਰ ਦਾ ਧੰਨਵਾਦ ਕਰਦਿਆਂ ਸਨਮਾਨ ਵੀ ਕੀਤਾ ਗਿਆ ਜਿਨ੍ਹਾਂ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਸੁਣਨ ਲਈ ਸਮਾਂ ਕੱਢਿਆ।

# ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਅਧੀਨ ਲਗਾਏ ਗਏ ਵਿਸ਼ੇਸ਼ ਕੈਂਪ

## ਸੰਸਥਾਗਤ ਜਣੇਪਾ ਮਾਂ ਤੇ ਬੱਚੇ ਦੋਵਾਂ ਦੀ ਸਿਹਤ ਲਈ ਜਰੂਰੀ: ਡਾਕਟਰ ਰੋਹਿਤ ਗੋਇਲ

ਫ਼ਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)- ਡਾਕਟਰ ਰਾਜ ਕੁਮਾਰ ਸਿਵਲ ਸਰਜਨ ਫ਼ਾਜ਼ਿਲਕਾ ਜੀ ਦੀ ਉਚੇਚੀ ਨਿਗਰਾਨੀ ਅਤੇ ਡਾਕਟਰ ਰੋਹਿਤ ਗੋਇਲ ਸਹਾਇਕ ਸਿਵਲ ਸਰਜਨ ਦੀ ਦੇਖ ਰੇਖ ਵਿੱਚ ਜ਼ਿਲ੍ਹੇ ਦੀਆਂ ਸਮੂਹ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਅਧੀਨ ਗਰਭਵਤੀਆਂ ਲਈ ਸਪੈਸ਼ਲ ਜਾਂਚ ਕੈਂਪ ਲਗਾਏ ਗਏ। ਇਸ ਸਮੇਂ ਡਾਕਟਰ ਰੋਹਿਤ ਗੋਇਲ ਨੇ ਦੱਸਿਆ ਕਿ ਇਸ ਅਭਿਆਨ ਤਹਿਤ ਹਰ ਮਹੀਨੇ ਦੀ 9 ਅਤੇ 23 ਤਾਰੀਖ ਨੂੰ ਗਰਭਵਤੀ ਔਰਤਾਂ ਖਾਸ ਕਰਕੇ ਉੱਚ ਜੋਖ਼ਮ ਦੇ ਚਿਨ੍ਹਾਂ ਵਾਲੀਆਂ ਗਰਭਵਤੀ ਔਰਤਾਂ ਦਾ ਸਾਰੇ ਸਰਕਾਰੀ ਹਸਪਤਾਲਾਂ ਅਤੇ ਕਮਿਊਨਿਟੀ ਸਿਹਤ ਕੇਂਦਰਾਂ ਵਿੱਚ ਸਪੈਸ਼ਲ ਕੈਂਪ ਲਗਾ ਕੇ ਚੈੱਕਅਪ, ਟੈਸਟ ਅਤੇ ਇਲਾਜ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਗਰਭਵਤੀ ਔਰਤ ਦੇ ਗਰਭ ਦੌਰਾਨ ਸਮੇਂ-ਸਮੇਂ ਸਿਰ ਜਾਂਚ ਹੁੰਦੀ ਰਹੇ ਤਾਂ ਉਸ ਦਾ ਜਣੇਪਾ ਸੁਰੱਖਿਅਤ ਹੋ ਜਾਂਦਾ ਹੈ। ਉਹਨਾਂ ਦੱਸਿਆ ਕਿ ਸਿਹਤ ਵਿਭਾਗ ਦੇ ਸਟਾਫ਼ ਵੱਲੋਂ ਖਤਰੇ ਵਾਲੀਆਂ ਗਰਭਵਤੀ ਔਰਤਾਂ ਦੀ ਪਹਿਚਾਣ ਕਰਕੇ



ਉਹਨਾਂ ਔਰਤਾਂ ਨੂੰ ਇਨ੍ਹਾਂ 9 ਅਤੇ 23 ਤਾਰੀਖ ਨੂੰ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਕੈਂਪਾਂ ਵਿੱਚ ਲੈ ਕੇ ਆਇਆ ਜਾਵੇ

# ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਤੀਸ਼ ਕੁਮਾਰ ਅਤੇ ਬੀਪੀਈਓ ਪ੍ਰਮੋਦ ਕੁਮਾਰ ਨੇ ਹੜ ਪ੍ਰਭਾਵਿਤ ਸਕੂਲਾਂ ਦਾ ਕੀਤਾ ਦੌਰਾ

## ਸਕੂਲਾਂ ਦੀਆਂ ਬਿਲਡਿੰਗ ਅਤੇ ਚੌਗਿਰਦੇ ਦੀ ਕੀਤੀ ਜਾਂਚ

ਲੋਕ ਬਾਣੀ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਤੀਸ ਕੁਮਾਰ ਅਤੇ ਬੀਪੀਈਓ ਫਾਜ਼ਿਲਕਾ 2 ਪ੍ਰਮੋਦ ਕੁਮਾਰ ਨੇ ਸਤਲੁਜ ਦਰਿਆ ਦੇ ਪਾਣੀ ਦੀ ਮਾਰ ਝੱਲ ਰਹੇ ਸਰਹੱਦੀ ਖੇਤਰ ਦੇ ਪਿੰਡਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਮਹਾਤਮ ਨਗਰ , ਸਰਕਾਰੀ ਪ੍ਰਾਇਮਰੀ ਸਕੂਲ ਤੇਜਾ ਰੁਹੇਲਾ, ਸਰਕਾਰੀ ਪ੍ਰਾਇਮਰੀ ਸਕੂਲ ਦੋਨਾਂ ਨਾਨਕਾ, ਸਰਕਾਰੀ ਪ੍ਰਾਇਮਰੀ ਸਕੂਲ ਝੰਗੜ ? ਭੈਣੀ, ਸਰਕਾਰੀ ਪ੍ਰਾਇਮਰੀ ਸਕੂਲ ਰੇਤੇ ਵਾਲੀ ਭੈਣੀ, ਸਰਕਾਰੀ ਪ੍ਰਾਇਮਰੀ ਸਕੂਲ ਗੱਟੀ ਨੰਬਰ 1,ਸਰਕਾਰੀ ਪ੍ਰਾਇਮਰੀ ਸਕੂਲ ਗੁਲਾਬਾ ਭੈਣੀ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਢਾਣੀ ਸੱਦਾ ਸਿੰਘ ਦਾ ਦੌਰਾ ਕੀਤਾ। ਉਹਨਾਂ ਦੁਆਰਾ ਸਥਿਤੀ ਦਾ ਜਾਇਜ਼ਾ ਲਿਆ ਗਿਆ। ਉਹਨਾਂ ਦੱਸਿਆ ਕਿ ਡੀਸੀ ਫਾਜ਼ਿਲਕਾ ਮੈਡਮ ? ਅਮਰਪ੍ਰੀਤ ਕੌਰ ਸੰਧੂ ਦੇ ਹੁਕਮਾਂ ਤੇ ਇਹਨਾਂ ਸਕੂਲਾਂ ਨੂੰ ਹੜਾਂ ਦੇ ਮੱਦੇਨਜ਼ਰ ਬੰਦ ਕੀਤਾ ਗਿਆ ਸੀ। ਹੁਣ ਪਾਣੀ ਉਤਰਨ ਤੇ ਡੀਸੀ



ਮੈਡਮ ਦੇ ਹੁਕਮਾਂ ਤੇ ਇਹਨਾਂ ਸਕੂਲਾਂ ਨੂੰ ਫਿਰ ਤੋਂ ਖੋਲਣ ਲਈ ਇਹਨਾਂ ਸਕੂਲਾਂ ਦਾ ਦੌਰਾ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਹਾਲ ਦੀ ਘੜੀ ਸਾਰੇ ਸਕੂਲ ਸੁਰੱਖਿਅਤ ਹਨ। ਸਕੂਲ ਸਟਾਫ ਵੱਲੋਂ ਸਕੂਲਾਂ ਵਿੱਚ ਹਾਜ਼ਰ ਹੋ ਕੇ ਸਕੂਲ ਪ੍ਰਬੰਧਕ ਕਮੇਟੀ ਮੈਂਬਰਾਂ ਅਤੇ ਪੰਚਾਇਤ ਦੇ ਸਹਿਯੋਗ ਨਾਲ ਸਕੂਲਾਂ ਦੀ ਸਾਫ ਸਫਾਈ ਕੀਤੀ ਜਾ ਰਹੀ ਹੈ। ਉਹਨਾਂ ਸਕੂਲਾਂ ਦੇ ਸਟਾਫ ਨੂੰ ਪੂਰੀ ਤਰ੍ਹਾਂ ਚੌਕਸ ਰਹਿਣ ਅਤੇ ਬਿਲਡਿੰਗਾ ਦੀ ਬਰੀਕੀ ਨਾਲ ਜਾਚ ਕਰਨ ਅਤੇ ਬਿਜਲੀ ਉਪਕਰਨਾ ਨੂੰ ਵੀ ਧਿਆਨ ਪੂਰਵਕ ਚੈੱਕ ਕਰਨ ਲਈ ਕਿਹਾ।

# ਬੱਲੂਆਣਾ ਵਿਧਾਨ ਸਭਾ ਹਲਕੇ ਵਿੱਚ 12 ਕਰੋੜ ਨਾਲ ਬਣ ਰਹੇ ਹਨ 44 ਖੇਡ ਸਟੇਡੀਅਮ- ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਿਰ

## ਪਿੰਡਾਂ ਦੇ ਵਿਕਾਸ ਨੂੰ ਦਿੱਤੀ ਜਾ ਰਹੀ ਹੈ ਨਵੀਂ ਗਤੀ -ਡਿਪਟੀ ਕਮਿਸ਼ਨਰ

ਫਾਜ਼ਿਲਕਾ (ਪ੍ਰਵੀਨ ਕੁਮਾਰ)- ਬੱਲੂਆਣਾ ਦੇ ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਅਤੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਅੱਜ ਪਿੰਡ ਡੰਗਰ ਖੇੜਾ ਦਾ ਦੌਰਾ ਕੀਤਾ । ਇਸ ਮੌਕੇ ਉਨਾਂ ਨੇ ਇੱਥੇ ਪਿੰਡ ਵਾਸੀਆਂ ਤੇ ਯੂਥ ਕਲੱਬ ਨਾਲ ਪਿੰਡ ਦੇ ਵਿਕਾਸ ਕਾਰਜਾਂ ਸਬੰਧੀ ਚਰਚਾ ਕੀਤੀ । ਸੰਬੋਧਨ ਕਰਦਿਆਂ ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕੇ ਦੇ 44 ਪਿੰਡਾਂ ਵਿੱਚ 12 ਕਰੋੜ ਰੁਪਏ ਨਾਲ ਖੇਡ ਸਟਡੀਅਮ ਬਣਾਏ ਜਾ ਰਹੇ ਹਨ। ਉਹਨਾਂ ਨੇ ਕਿਹਾ ਕਿ ਇਸ ਪਿੰਡ ਵਿੱਚ ਵੀ ਖੇਡ ਸਟੇਡੀਅਮ ਦੀ ਵੱਡੀ ਮੰਗ ਹੈ ਜਿਸ ਨੂੰ ਪੂਰਾ ਕਰਨ ਲਈ ਪ੍ਰਸ਼ਾਸਨਿਕ ਪੱਧਰ ਤੇ ਸ਼ੁਰੂਆਤ ਕਰ ਦਿੱਤੀ ਗਈ ਹੈ। ਉਹਨਾਂ ਨੇ





ਕਿਹਾ ਕਿ ਪਿੰਡ ਵਿੱਚ ਉਪਲਬਧ 6 ਏਕੜ ਸਰਕਾਰੀ ਜਮੀਨ ਨੂੰ ਪੰਚਾਇਤ ਨੂੰ ਤਬਦੀਲ ਕਰਨ ਦੀ ਕਾਰਵਾਈ ਪੂਰੀ ਕਰਵਾ ਕੇ ਇੱਥੇ ਸਟੇਡੀਅਮ ਬਣਾਇਆ ਜਾਵੇਗਾ। ਨਾਲ ਹੀ ਉਹਨਾਂ ਕਿਹਾ ਕਿ ਪਿੰਡ ਵਿੱਚ ਬਾਲੀਵਾਲ ਗਰਾਊਂਡ ਬਣਾਉਣ ਤੱਕ ਕੰਮ ਜਲਦ ਸ਼ੁਰੂ ਹੋ ਜਾਵੇਗਾ। ਅਤੇ ਲਾਈਬਰੇਰੀ ਵੀ ਜਲਦ ਮੁਕੰਮਲ ਹੋਵੇਗੀ। ਉਹਨਾਂ ਨੇ ਇਹ ਵੀ ਕਿਹਾ ਕਿ ਪਿੰਡ ਦੇ ਸਕੂਲ ਤੇ ਸਰਕਾਰ ਵੱਲੋਂ 2 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।

# 10 ਲੱਖ ਦੀ ਸਿਹਤ ਬੀਮਾ ਯੋਜਨਾ ਪੰਜਾਬ ਸਰਕਾਰ ਵਲੋਂ ਸਿਹਤ ਸਹੂਲਤਾਂ ਦੇ ਖੇਤਰ 'ਚ ਕ੍ਰਾਂਤੀਕਾਰੀ ਕਦਮ: ਮੀਤ ਹੇਅਰ

## 25 ਸਤੰਬਰ ਤੋਂ ਬਰਨਾਲਾ ਵਿਚ ਲੱਗਣਗੇ ਕੈਂਪ; ਹਰ ਸੂਬਾ ਵਾਸੀ ਨੂੰ ਮਿਲੇਗਾ ਸਿਹਤ ਬੀਮਾ ਯੋਜਨਾ ਦਾ ਲਾਭ

ਬਰਨਾਲਾ, ਗੋਇਲ- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਚੁੱਕਦੇ ਹੋਏ 10 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਲਈ ਰਜਿਸਟ ?ਰੇਸ਼ਨ ਦੀ ਸ਼ੁਰੂਆਤ ਜ਼ਿਲ੍ਹਾ ਤਰਨਤਾਰਨ ਤੋਂ ਕਰ ਦਿੱਤੀ ਗਈ ਹੈ ਅਤੇ ਭਲਕ 25 ਸਤੰਬਰ ਤੋਂ ਬਰਨਾਲਾ ਵਿੱਚ ਰਜਿਸਟ ?ਰੇਸ਼ਨ ਕੈਂਪ ਲਾਏ ਜਾਣਗੇ। ਇਹ ਪ੍ਰਗਟਾਵਾ ਸੰਸਦ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਇੱਥੇ ਮੀਡੀਆ ਨਾਲ ਗੱਲ ਕਰਦਿਆਂ ਕੀਤਾ। ਓਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਹਿਲਾਂ 600 ਯੂਨਿਟ ਮੁਫ਼ਤ ਬਿਜਲੀ ਦਾ ਲਾਭ ਸੂਬੇ ਦੇ ਹਰ ਪਰਿਵਾਰ ਨੂੰ ਦਿੱਤਾ ਜਾ ਰਿਹਾ ਹੈ, ਜਿਸ ਤਹਿਤ ਲਗਭਗ 90 ਫ਼ੀਸਦੀ ਪਰਿਵਾਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਹੁਣ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬਾ ਵਾਸੀਆਂ ਨੂੰ 10 ਲੱਖ ਤੱਕ ਦੇ ਕੈਸ਼ਲੈਸ ਇਲਾਜ ਦੀ ਸਹੂਲਤ ਛੇਤੀ ਦਿੱਤੀ ਜਾ ਰਹੀ ਹੈ ਜੋ ਕਿ ਬੜਾ ਵੱਡਾ ਫ਼ੈਸਲਾ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਸਿਹਤ ਬੀਮਾ ਸਕੀਮ ਲਈ ਵਧਾਈ ਦਿੱਤੀ ਤੇ ਕਿਹਾ ਕਿ ਇਹ ਸਕੀਮ ਸਿਹਤ ਖੇਤਰ ਵਿਚ ਵੱਡਾ ਕਦਮ ਹੈ। ਹੁਣ ਸਰਕਾਰੀ ਦੇ ਨਾਲ ਨਾਲ ਪ੍ਰਾਈਵੇਟ ਹਸਪਤਾਲਾਂ ਵਿਚ ਵੀ 10 ਲੱਖ ਤੱਕ ਦਾ ਕੈਸ਼ਲੈਸ ਇਲਾਜ ਕਰਾਇਆ ਜਾ ਸਕੇਗਾ।



# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਬੈਠਕ

ਫਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)- ਵਧੀਕ ਡਿਪਟੀ ਕਮਿਸ਼ਨਰ (ਜ) ਡਾ ਮਨਦੀਪ ਕੌਰ ਨੇ ਝੋਨੇ ਦੇ ਆਗਾਮੀ ਵਾੱਢੀ ਸੀਜਣ ਤੋਂ ਬਾਅਦ ਪਰਾਲੀ ਪ੍ਰਬੰਧਨ ਲਈ ਇੱਕ ਬੈਠਕ ਕੀਤੀ । ਬੈਠਕ ਵਿੱਚ ਪਰਾਲੀ ਨੂੰ ਵਰਤਨ ਵਾਲੀਆਂ ਉਦੋਗਿਕ ਇਕਾਈਆਂ ਦੇ ਪ੍ਰਤੀਨਿਧੀਆਂ ਤੋਂ ਇਲਾਵਾ ਬੇਲਰਾਂ ਦੇ ਸੰਚਾਲਕਾਂ ਨੇ ਵੀ ਭਾਗ ਲਿਆ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਨੂੰ ਵਿਗਿਆਨਿਕ ਤਰੀਕੇ ਨਾਲ ਨਿਪਟਾਇਆ ਜਾਵੇ ਤਾਂ ਜੋ ਇਸ ਨਾਲ ਪ੍ਰਦੂਸ਼ਣ ਨਾ ਹੋਵੇ। ਉਹਨਾਂ ਨੇ ਇਸ ਮੌਕੇ ਬੇਲਰ ਮਾਲਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਭਰੋਸਾ ਦਿੱਤਾ ਕਿ ਉਹਨਾਂ ਦੀਆਂ ਮੁਸ਼ਕਿਲਾਂ ਦਾ ਉਚਿਤ ਹੱਲ ਕੀਤਾ ਜਾਵੇਗਾ। ਇਸ ਮੌਕੇ ਉਨਾਂ ਨੇ ਪਰਾਲੀ ਵਰਤਣ ਵਾਲੀ ਉਦੋਗਿਕ ਇਕਾਈਆਂ ਦੇ ਪ੍ਰਤੀਨਿਧੀਆਂ ਨੂੰ ਕਿਹਾ ਕਿ ਉਹ ਫਾਜ਼ਿਲਕਾ ਜ਼ਿਲੇ ਤੋਂ ਵੱਧ ਤੋਂ ਵੱਧ ਪਰਾਲੀ ਦੀ ਖਰੀਦ ਕਰਨ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਪਰਾਲੀ ਨੂੰ ਇਨਸਿਟੂ ਜਾਂ ਐਕਸ ਸਿਟੂ ਵਿਧੀ ਨਾਲ ਸਮੇਟਿਆ ਜਾਵੇ ਅਤੇ ਖੇਤ ਵਿਚ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ। ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਕਾਰਜਕਾਰੀ ਇੰਜਨੀਅਰ ਰਵੀਪਾਲ, ਐਸਡੀਓ




ਹਰਬਲਿਸਟਰ ਜੀਤ ਸਿੰਘ, ਪੁਲਿਸ ਵਿਭਾਗ ਤੋਂ ਡੀਐਸਪੀ ਤਜਿੰਦਰ ਸਿੰਘ ਅਤੇ ਜਤਿੰਦਰ ਸਿੰਘ ਗਿੱਲ, ਇੰਡਸਟਰੀ ਵਿਭਾਗ ਤੋਂ ਨਿਰਵੈਰ ਸਿੰਘ ਵੀ ਹਾਜਰ ਸਨ

# ਜਿਲਾ ਵਾਤਾਵਰਨ ਪਲਾਨ ਦੀ ਸਮੀਖਿਆ ਲਈ ਹੋਈ ਬੈਠਕ

## ਵਾਤਾਵਰਨ ਦੀ ਸੰਭਾਲ ਵਿੱਚ ਹਰੇਕ ਨਾਗਰਿਕ ਪਾਵੇ ਯੋਗਦਾਨ -ਵਧੀਕ ਡਿਪਟੀ ਕਮਿਸ਼ਨਰ ਜਨਰਲ

ਫਾਜ਼ਿਲਕਾ (ਪ੍ਰਵੀਨ ਕੁਮਾਰ)- ਜ਼ਿਲ੍ਹਾ ਵਾਤਾਵਰਨ ਪਲਾਨ ਦੀ ਸਮੀਖਿਆ ਲਈ ਇੱਕ ਜਰੂਰੀ ਬੈਠਕ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ ਮਨਦੀਪ ਕੌਰ ਦੀ ਅਗਵਾਈ ਹੇਠ ਹੋਈ। ਬੈਠਕ ਦੌਰਾਨ ਉਨਾਂ ਨੇ ਸਥਾਨਕ ਸਰਕਾਰਾਂ ਵਿਭਾਗ ਨੂੰ ਹਦਾਇਤ ਕੀਤੀ ਕਿ ਘਰਾਂ ਤੋਂ ਇਕੱਤਰ ਕੀਤੇ ਜਾਣ ਵਾਲੇ ਕੂੜੇ ਦਾ ਵਰਗੀਕਰਨ ਘਰ ਦੇ ਪੱਧਰ ਤੇ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਉਹਨਾਂ ਨੇ ਕਿਹਾ ਕਿ ਸਵੱਛਤਾ ਗਤੀਵਿਧੀਆਂ ਹੋਰ ਤੇਜ਼ ਕੀਤੀਆਂ ਜਾਣ ਅਤੇ ਪੋਲੀਥੀਨ ਦੇ ਲਿਫਾਫਿਆਂ ਅਤੇ ਚਾਈਨਾ ਡੋਰ ਨੂੰ ਵੀ ਸਖਤੀ ਨਾਲ ਰੋਕਿਆ ਜਾਵੇ। ਇਸ ਦੌਰਾਨ ਉਨਾਂ ਨੇ ਇਹ ਵੀ ਕਿਹਾ ਕਿ ਪਿੰਡਾਂ ਵਿੱਚ ਸੋਲਿਡ ਵੇਸਟ ਪ੍ਰਬੰਧਨ ਲਈ 99 ਯੂਨਿਟ ਬਣਾਏ ਗਏ ਹਨ, ਤਰਲ ਕਚਰੇ ਦੇ ਨਿਪਟਾਰੇ ਲਈ 152 ਯੂਨਿਟ ਬਣਾਏ ਗਏ ਹਨ ਅਤੇ 69 ਥਾਪਰ ਮਾਡਲ ਵਿਕਸਿਤ ਕੀਤੇ ਗਏ




ਹਨ। ਉਨ੍ਹਾਂ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਵਾਤਾਵਰਨ ਸੰਭਾਲ ਵਿਚ ਯੋਗਦਾਨ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਵਾਤਾਵਰਨ ਦੀ ਸੰਭਾਲ ਵਿਚ ਹਰੇਕ ਨਾਗਰਿਕ ਨੂੰ ਯੋਗਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਕਾਰਜਕਾਰੀ ਇੰਜਨੀਅਰ ਰਵੀ ਪਾਲ ਨੇ ਕਿਹਾ ਕਿ ਜੇਕਰ ਕੋਈ ਹਸਪਤਾਲ ਨਗਰ ਕੌਂਸਲ ਨੂੰ ਦਿੱਤੇ ਜਾਣ ਵਾਲੇ ਕੂੜੇ ਵਿੱਚ ਬਾਇਓ ਮੈਡੀਕਲ ਕਚਰਾ ਸੁੱਟਦਾ ਹੈ ਤਾਂ ਉਸਦੀ ਸੂਚਨਾ ਪ੍ਰਦੂਸ਼ਨ ਕੰਟਰੋਲ ਬੋਰਡ ਨੂੰ ਦਿੱਤੀ ਜਾਵੇ ਤਾਂ ਜੋ ਅਜਿਹੇ ਹਸਪਤਾਲ ਖਿਲਾਫ ਕਾਰਵਾਈ ਕੀਤੀ ਜਾ ਸਕੇ।

# ਬਰਨਾਲਾ ਚ ਮੁੱਖ ਮੰਤਰੀ ਸਿਹਤ ਯੋਜਨਾ ਦੀ ਰਜਿਸਟਰੇਸ਼ਨ ਸ਼ੁਰੂ ਨਾ ਹੋਣ ਕਾਰਨ ਲੋਕਾਂ ਚ ਭਾਰੀ ਨਿਰਾਸ਼ਾ

## ਡਿਪਟੀ ਕਮਿਸ਼ਨਰ ਟੀ ਬੈਨਿਥ ਨੇ ਕਿਹਾ 25 ਸਤੰਬਰ ਤੋਂ ਸ਼ੁਰੂ ਹੋਵੇਗੀ ਰਜਿਸਟਰੇਸ਼ਨ

ਬਰਨਾਲਾ , ਜਤਿੰਦਰ ਦੇਵਗਨ,,ਪੰਜਾਬ ਦੇ ਲੋਕਾਂ ਨੂੰ ਵੱਡਾ ਤੋਹਫ਼ਾ ਦਿੰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟਰੇਸ਼ਨ ਸ਼ੁਰੂ ਕਰਨ ਦੀ ਘੋਸ਼ਣਾ ਕੀਤੀ ਹੈ ਜਿਸ ਦਾ ਮੁੱਖ ਮੰਤਵ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਨਗਦੀ ਰਹਿਤ ਇਲਾਜ ਉਪਲਬਧ ਕਰਵਾਉਣਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਜਨ ਹਤੈਸ਼ੀ ਸਕੀਮ ਦੇ ਲਈ ਹੁਕਮ ਦਿੱਤੇ ਹਨ ਕਿ ਇਸ ਸਕੀਮ ਤਹਿਤ ਰਜਿਸਟਰੇਸ਼ਨ 23 ਸਤੰਬਰ ਤੋਂ ਤਰਨਤਾਰਨ ਤੇ ਬਰਨਾਲਾ ਤੋਂ ਸ਼ੁਰੂ ਹੋਵੇਗੀ ਜਿਸ ਨਾਲ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮਿਲੇਗਾ ।ਪਾਇਲਟ ਪ੍ਰੋਜੈਕਟ ਦੇ ਤੌਰ ਤੇ ਸਜਸਟਰੇਸ਼ਨ ਦੀ ਪ੍ਰਕਿਰਿਆ 23 ਸਤੰਬਰ



ਤੋਂ ਤਰਨਤਾਰਨ ਤੇ ਬਰਨਾਲਾ ਚ ਜੰਗੀ ਪੱਧਰ ਉਤੇ ਸ਼ੁਰੂ ਹੋਵੇਗੀ , ਜਿਸਦੇ ਤਹਿਤ ਤਰਨ ਤਾਰਨ ਤੇ ਬਰਨਾਲਾ ਵਿਖੇ ਕ੍ਰਮਵਾਰ 128-128 ਸਥਾਨਾਂ ਵਿੱਚ ਰਜਿਸਟਰੇਸ਼ਨ ਲਈ ਕੈਂਪ ਲਗਾਏ ਜਾਣਗੇ, ਮੁੱਖ ਮੰਤਰੀ ਨੇ ਕਿਹਾ ਕਿ 10 - 12 ਦਿਨਾਂ ਵਿੱਚ ਇੰਨਾ ਦੋਵਾਂ ਜ਼ਿਲ੍ਹਿਆਂ ਵਿੱਚ ਰਜਿਸਟਰੇਸ਼ਨ ਕਰਨ ਦਾ ਕੰਮ ਪੂਰਾ ਕਰ ਲਿਆ ਜਾਵੇਗਾ, ਪਰ ਅੱਜ 23 ਸਤੰਬਰ ਨੂੰ ਪੜਤਾਲ ਕਰਨ ਉਤੇ ਪਤਾ ਲੱਗਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਤਹਿਤ ਜ਼ਿਲ੍ਹੇ ਬਰਨਾਲਾ ਅੰਦਰ

# ਜਨਮ ਦਿਨ ਮੁਬਾਰਕ



ਪ੍ਰਿਸ਼ਾ
ਪਿਤਾ ਸੂਰਜ
ਮਾਤਾ ਮਨੀਸ਼ਾ
ਲੁਧਿਆਣਾ

# 10 ਵਾਂ ਨੈਸ਼ਨਲ ਆਯੂਰਵੈਦਾ ਦਿਵਸ ਤੇ ਲਗਾਇਆ ਗਿਆ ਮੁ.ਫਤ ਆਯੂਰਵੈਦਿਕ ਕੈਂਪ

ਫਾਜ਼ਿਲਕਾ (ਰਾਜ ਅਰੋੜਾ)-ਡਾਇਰੈਕਟਰ ਆਫ ਆਯੂਰਵੈਦਾ ਪੰਜਾਬ ਡਾਕਟਰ ਰਵੀ ਕੁਮਾਰ ਦੂਮਡਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਯੂਸ਼ ਵਿਭਾਗ ਫਾਜ਼ਿਲਕਾ ਵੱਲੋਂ 10 ਵਾਂ ਆਯੂਰਵੈਦਾ ਦਿਵਸ ਅਗਰਵਾਲ ਆਸ਼ਰਮ ਵਿਖੇ ਮਨਾਇਆ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਆਯੂਰਵੈਦਿਕ ਯੂਨਾਨੀ ਅਫਸਰ ਡਾਕਟਰ ਰਵੀ ਕਾਂਤ ਮਦਾਨ ਨੇ ਦੱਸਿਆ ਕਿ ਇਸ ਕੈਂਪ ਵਿਚ ਲਗਭਗ 400 ਮਰੀਜਾ ਨੇ ਲਾਭ ਚੁੱਕਿਆ ਹੈ ਤੇ ਕੈਂਪ ਦੀ ਸ਼ੁਰੂਆਤ ਡਾਕਟਰ ਰਵੀ ਕਾਂਤ ਮਦਾਨ ਵੱਲੋਂ ਧਨਵੰਤਰੀ ਪੂਜਾ ਨਾਲ ਕੀਤੀ ਗਈ ਤੇ ਉਸ ਤੋਂ ਬਾਅਦ ਇਹਨਾਂ ਵਲੋਂ ਆਯੂਰਵੇਦ ਦਿਵਸ ਦੀ ਮਹੱਤਤਾ ਅਤੇ ਲੋਕਾਂ ਨੂੰ ਵਧੀਆ ਜੀਵਨ ਸ਼ੈਲੀ ਲਈ ਜਰੂਰੀ ਅਹਾਰ ਵਿਹਾਰ ਬਾਰੇ ਵੀ ਜਾਣਕਾਰੀ ਦਿੱਤੀ ਗਈ। ਕੈਂਪ ਵਿਚ ਮੈਡੀਸੀਨਲ ਪੌਦੇ ਵੀ ਵੰਡੇ ਗਏ ਕੈਂਪ ਵਿਚ ਜਿਲੇ ਭਰ ਦੀ ਆਯੂਸ਼ ਵਿਭਾਗ ਦੀ ਟੀਮ ਨੇ ਹਿੱਸਾ ਲਿਆ ਕੈਂਪ ਵਿਚ ਗੁਦਾ ਰੋਗਾ ਦਾ ਚੈੱਕਅਪ ਡਾਕਟਰ ਵਨੀਤ ਅਰੋੜਾ, ਅੱਖਾ ਦਾ ਚੈੱਕਅਪ ਡਾਕਟਰ ਵਿਨੋਦ ਕੁਮਾਰ ਵਰਮਾ ਵਲੋ ਕੀਤਾ ਗਿਆ। ਅਗਨੀ ਕਰਮ ਤੇ ਪੰਚਕਰਮਾ ਸੰਬਧੀ ਮਰੀਜ ਡਾਕਟਰ ਅਮਿਤ ਕੁਮਾਰ ਵਲੋ ਅਤੇ ਡਾਕਟਰ ਸਤਪਾਲ ਵਲੋ ਚਮੜੀ ਅਤੇ ਪੇਟ ਦੇ ਰੋਗਾ ਦਾ ਚੈੱਕਅਪ ਕੀਤਾ ਗਿਆ ।ਡਾਕਟਰ ਅਮਨਦੀਪ ਕੌਰ, ਡਾਕਟਰ ਪਰਵਿੰਦਰ ਕੌਰ,ਡਾਕਟਰ ਰਾਜੇਸ਼ ਕੁਮਾਰ ਜੌਹਰ ਵੱਲੋ ਪ੍ਰਕਿਰਤੀ ਪ੍ਰੀਕਸ਼ਨ ,ਡਾਕਟਰ ਇੰਦਰਾ ਅਤੇ ਡਾਕਟਰ ਸਾਇਨਾ ਵਲੋ ਕੈਂਪ ਵਿਚ ਲੋਕਾਂ ਨੂੰ ਮਧੂਮੇਹ ਆਦਿ ਬਿਮਾਰੀਆਂ ਵਿਚ ਖਾਣ ਪੀਣ ਸਬੰਧੀ ਜਾਗਰੂਕ ਕੀਤਾ ਗਿਆ।




# ਪੰਜਾਬ ਸਰਕਾਰ ਹੜ੍ਹਾ ਨਾਲ ਪ੍ਰਭਾਵਿਤ ਹੋਏ ਗਰੀਬ ਮਜ਼ਦੂਰਾਂ ਨੂੰ ਆਰਥਿਕ ਸਹਾਇਤਾ ਵਜੋਂ 10/10 ਹਜਾਰ ਰੁਪਏ ਮਹੀਨਾ ਦੇਵੇ : ਖੋਸਲਾ



ਹੁਸ਼ਿਆਰਪੁਰ (ਤਰਸੇਮ ਦੀਵਾਨਾ) - ਡੈਮੋਕਰੇਟਿਕ ਭਾਰਤੀਯ ਲੋਕ ਦਲ ਦੀ ਇੱਕ ਅਹਿਮ ਮੀਟਿੰਗ ਪਾਰਟੀ ਦੇ ਰਾਸ਼ਟਰੀ ਚੇਅਰਮੈਨ ਦੀ ਅਗਵਾਈ ਹੇਠ ਪਿੰਡ ਗਿੱਲ ਵਿਖ਼ੇ ਕੀਤੀ ਗਈ! ਇਸ ਮੀਟਿੰਗ ਵਿੱਚ ਡੈਮੋਕਰੇਟਿਕ ਭਾਰਤੀਯ ਲੋਕ ਦਲ ਦੇ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਖੋਸਲਾ ਵੀ ਉਚੇਚੇ ਤੌਰ ਤੇ ਪਹੁੰਚੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਰਮੁਖ ਸਿੰਘ ਖੋਸਲਾ ਨੇ ਕਿਹਾ ਕਿ ਪਿਛਲੀ ਦਿਨੀ ਪੰਜਾਬ ਦੇ ਲਗਭਗ 12 ਜਿਲਿਆਂ ਵਿੱਚ ਲੋਕ ਹੜ੍ਹਾ ਨਾਲ ਪ੍ਰਭਾਵਿਤ ਹੋਏ ਹਨ! ਗਰੀਬ ਲੋਕਾਂ ਦੇ ਘਰ ਢਹਿ ਗਏ ਕਿਸਾਨਾਂ ਦੀ ਹਜ਼ਾਰਾਂ ਏਕੜ ਫਸਲ ਬਰਬਾਦ ਹੋ ਗਈ ਲੋਕਾਂ ਦਾ ਮਾਲ ਡੰਗਰ ਪਾਣੀ ਵਿੱਚ ਰੁੜ ਗਿਆ! ਹੜਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਨੂੰ ਆਪਣੇ ਪੈਰਾਂ ਤੇ ਖਲੋਣ ਕਈ ਸਾਲ ਬੀਤ ਜਾਣੇ ਹੈ! ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਰ ਏਕੜ ਕਿਸਾਨਾਂ ਨੂੰ 20 ਹਜਾਰ ਰੁਪਏ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਹੈ। ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਕਿ ਇੱਥੇ ਵੀ ਪੰਜਾਬ ਸਰਕਾਰ ਨੇ ਗਰੀਬ ਮਜ਼ਦੂਰ ਲੋਕਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੇ ਹੋਏ ਕੋਈ ਵੀ ਅਨਾਉਂਸਮੈਂਟ ਗਰੀਬ ਲੋਕਾਂ ਦੇ ਹੱਕ ਵਿੱਚ ਨਹੀਂ ਕੀਤੀ ਗੁਰਮੁਖ ਸਿੰਘ ਖੋਸਲਾ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜਿਹੜੇ ਗਰੀਬ ਲੋਕਾਂ ਦੇ ਹੜ੍ਹਾ ਨਾਲ ਘਰ ਢਹਿ ਗਏ ਹਨ ਉਹਨਾਂ ਨੂੰ ਪੰਜਾਬ ਸਰਕਾਰ ਨਵੇਂ ਘਰ ਬਣਾ ਕੇ ਦਵੇ ਅਤੇ ਗਰੀਬ ਮਜ਼ਦੂਰਾਂ ਨੂੰ ਆਰਥਿਕ ਸਹਾਇਤਾ ਵਜੋਂ ਉਹਨਾਂ ਦੇ ਖਾਤਿਆਂ ਵਿੱਚ 10/10 ਹਜਾਰ ਰੁਪਏ ਮਹੀਨਾ ਪਾਏ ਜਾਣ ਜਦੋਂ ਤੱਕ ਉਹਨਾਂ ਲੋਕਾਂ ਦੀ ਮਾਲੀ ਹਾਲਤ ਠੀਕ ਨਾ ਹੋ ਜਾਵੇ! ਇਸ ਮੌਕੇ ਡੈਮੋਕਰੇਟਿਕ ਭਾਰਤੀ ਲੋਕ ਦਲ ਵਿੱਚ ਨਵੀਆਂ ਨਿਯੁਕਤੀਆਂ ਕਰਦੇ ਹੋਏ ਸਮਨਦੀਪ ਸਿੰਘ ਨੂੰ ਪ੍ਰਧਾਨ ਜਿਲਾ ਮੋਗਾ, ਗੁਰਪ੍ਰੀਤ ਕੌਰ ਪ੍ਰਧਾਨ ਮਹਿਲਾ ਵਿੰਗ ਜਿਲ੍ਹਾ ਮੋਗਾ, ਬਹੋੜ ਸਿੰਘ ਪ੍ਰਧਾਨ ਯੂਥ ਵਿੰਗ ਜਿਲ੍ਹਾ ਮੋਗਾ, ਦਰਸ਼ਨ ਸਿੰਘ ਪ੍ਰਧਾਨ ਜਿਲ੍ਹਾ ਬਠਿੰਡਾ, ਸੁਦਾਗਰ ਸਿੰਘ ਯੂਨਿਟ ਪ੍ਰਧਾਨ ਜੈ ਸਿੰਘ ਵਾਲਾ, ਜੱਗਾ ਸਿੰਘ ਮੀਤ ਪ੍ਰਧਾਨ ਜਿਲ੍ਹਾ ਮੋਗਾ, ਕਰਨ ਸਿੰਘ, ਦੀਪਾ ਸਿੰਘ, ਮੋਹਿਤ ਕੁਮਾਰ, ਸਨੀ ਸਿੰਘ ਆਦਿ ਮੇਂਬਰ ਨਿਯੁਕਤ ਕੀਤਾ ਗਿਆ!

# ਜਵਾਹਰ ਨਵੋਦਿਆ ਵਿਦਿਆਲਿਆ ਕਿੱਕਰ ਵਾਲਾ ਰੂਪਾ ਵਿਖੇ ਦਾਖਲਾ ਲੈਣ ਦੀ ਆਖ਼ਰੀ ਮਿਤੀ 7 ਅਕਤੂਬਰ 2025

ਫ਼ਾਜ਼ਿਲਕਾ (ਰਾਜ ਅਰੋੜਾ)- ਪੀ ਐਮ ਸ੍ਰੀ ਜਵਾਹਰ ਨਵੋਦਿਆ ਵਿਦਿਆਲਿਆ ਕਿਕੱਰਵਾਲਾ ਰੂਪਾ ਵਿਖੇ ਸਾਲ 2026-27 ਲਈ 9ਵੀਂ ਅਤੇ 11ਵੀ ਜਮਾਤਾਂ ਦੀਆਂ ਦਾਖ਼ਲਾ ਪ੍ਰੀਖਿਆ ਦੀ ਅਰਜ਼ੀ ਭਰਨ ਦੀ ਆਖ਼ਰੀ ਮਿਤੀ 7 ਅਕਤੂਬਰ 2025 ਹੈ। ਉਨਾਂ ਦੱਸਿਆ ਕਿ ਪ੍ਰੀਖਿਆ 2026 ਦਾ ਆਯੋਜਨ 7 ਫਰਵਰੀ 2026 ਦਿਨ ਸ਼ਨੀਵਾਰ ਨੂੰ ਹੋਵੇਗਾ ਇਹ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਜਵਾਹਰ ਨਵੋਦਿਆ ਵਿਦਿਆਲਿਆ ਫ਼ਾਜ਼ਿਲਕਾ ਨੇ ਦੱਸਿਆ ਕਿ ਨੌਵੀਂ ਜਮਾਤ ਅਤੇ ਗਿਆਰਵੀ ਜਮਾਤ ਵਿੱਚ ਦਾਖ਼ਲਾ ਲੈਣ ਲਈ ਯੋਗ ਵਿਦਿਆਰਥੀ ਤੇ ਵਿਦਿਆਰਥਣਾਂ ਆਨ ਲਾਈਨ ਵੈੱਬਸਾਈਟ www.navodaya.gov.in ਤੇ ਮੁਫ਼ਤ ਅਪਲਾਈ ਕਰ ਸਕਦੇ ਹਨ। ਨੌਵੀਂ ਜਮਾਤ ਲਈ ਫਾਰਮ ਵੈੱਬਸਾਈਟ https://cbseit ms.nic.in/2025/n vsix_l ਅਤੇ ਗਿਆਰਵੀ ਜਮਾਤ ਲਈ https://cbsei tms.nic.in/ 2025/nvsxi⁚11 ਵਿਖ਼ੇ 7 ਅਕਤੂਬਰ 2025 ਤੱਕ ਭਰ ਸਕਦੇ ਹਨ੍ਹ ਵਧੇਰੇ ਜਾਣਕਾਰੀ ਲਈ ਹੈਲਪਡੈਸਕ ਮੋਬਾਈਲ ਨੰ 93830-32160 'ਤੇ ਸਵੇਰੇ 9 ਵਜੇ ਤੋਂ ਸਾਮ 4 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ।

# ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਖੇ ਕਰਵਾਇਆ ਕਰੀਅਰ ਗਾਈਡੈਂਸ ਕਾਊਂਸਲਿੰਗ ਸੈਸ਼ਨ

ਬਰਨਾਲਾ, (ਜਤਿੰਦਰ ਦੇਵਗਨ)- ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਖੇ ਸਫਲ ਅਤੇ ਜਾਣਕਾਰੀਆਂ ਭਰਪੂਰ 11ਵੀਂ ਅਤੇ 12ਵੀਂ ਕਲਾਸ ਦੇ ਵਿਦਿਆਰਥੀਆਂ ਲਈ ਕਰੀਅਰ ਗਾਈਡੈਂਸ ਕਾਊਂਸਲਿੰਗ ਸੈਸ਼ਨ ਦਾ ਆਯੋਜਨ ਕੀਤਾ ਗਿਆ। ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ,ਡਾਇਰੈਕਟਰ ਸ੍ਰ:ਸਾਗਰਜੀਤ ਸਿੰਘ ਖੀਪਲ ਨੇ ਦੱਸਿਆਂ ਕਿ ਡਾ: ਗੁਰਵੀਰ ਕੌਰ (ਸਹਾਇਕ ਪ੍ਰੋਫੈਸਰ)ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਮਨਜਿੰਦਰ ਕੌਰ(ਪੀ.ਐੱਚ.ਡੀ. ਰਿਸਰਚ ਸ਼ਕਾਲਰ) ਪੰਜਾਬ ਯੂਨੀਵਰਸਿਟੀ ਚੰਡੀਗੜ੍ਹ,ਜਸਪਾਲ ਸਿੰਘ (ਪੀ.ਐੱਚ.ਡੀ. ਰਿਸਰਚ ਸ਼ਕਾਲਰ) ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਤੇ ਅਮਰਿੰਦਰ ਸਿੰਘ ਸੇਖੋਂ (ਪੰਜਾਬ ਯੂਨੀਵਰਸਿਟੀ ਚੰਡੀਗੜ੍ਹ) ਨੇ 11ਵੀਂ ਅਤੇ 12ਵੀਂ ਕਲਾਸ ਦੇ ਵਿਦਿਆਰਥੀਆਂ ਦਾ 12ਵੀਂ ਕਲਾਸ ਤੋਂ ਬਾਅਦ ਉੱਚ ਯੋਗਤਾ ਸਿੱਖਿਆ,ਕੋਰਸ ਤੇ ਕਿੱਤਿਆ ਬਾਰੇ ਕਰੀਅਰ ਗਾਈਡੈਂਸ ਕਾਊਂਸਲਿੰਗ ਸੈਸ਼ਨ ਰਾਹੀਂ ਮਾਰਗਦਰਸ਼ਨ ਕੀਤਾ,

# ਜ਼ਿਲ੍ਹਾ ਬਰਨਾਲਾ ਦੀਆਂ ਮੰਡੀਆਂ 'ਚ ਝੋਨੇ ਦੀ ਆਮਦ ਸ਼ੁਰੂ

## ਡਿਪਟੀ ਕਮਿਸ਼ਨਰ ਨੇ ਝੋਨੇ ਦੀ ਸਮੇਂ ਸਰ ਚੁਕਵਾਈ ਦੇ ਦਿੱਤੇ ਨਿਰਦੇਸ਼

ਬਰਨਾਲਾ, , ਜਤਿੰਦਰ ਦੇਵਗਨ-ਜ਼ਿਲ੍ਹਾ ਬਰਨਾਲਾ ਦੀ ਅਨਾਜ ਮੰਡੀਆਂ 'ਚ ਝੋਨੇ ਦੀ ਆਮਦ ਸ਼ੁਰੂ ਹੋ ਗਈ ਹੈ। ਮਿਤੀ 23 ਸਤੰਬਰ ਦੀ ਸ਼ਾਮ ਤੱਕ ਜ਼ਿਲ੍ਹਾ ਬਰਨਾਲਾ 'ਚ ਕੁੱਲ 7 ਮੀਟ੍ਰਿਕ ਟਨ ਪਰਮਲ ਝੋਨਾ ਮੰਡੀਆਂ 'ਚ ਪੁੱਜਿਆ। ਡਿਪਟੀ ਕਮਿਸ਼ਨਰ ਬਰਨਾਲਾ ਸ਼ ?ਰੀ ਟੀ ਬੈਨਿਥ ਨੇ ਇਹ ਜਾਣਕਾਰੀ ਅੱਜ ਖ਼ਰੀਦ ਏਜੰਸੀਆਂ ਦੀ ਬੈਠਕ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਮੰਡੀਆਂ 'ਚ ਝੋਨੇ ਦੀ ਖ਼ਰੀਦ ਸਬੰਧੀ ਸਾਰੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ । ਉਨ੍ਹਾਂ ਕਿਸਾਨਾਂ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ 'ਚ ਝੋਨਾ ਚੰਗੀ ਤਰ੍ਹਾਂ ਸੁਕਾ ਕੇ ਲੈ ਕੇ ਆਉਣਾ ਤਾਂ ਜੋ ਨਮੀ ਵੱਧ ਹੋਣ ਕਾਰਣ ਉਨ੍ਹਾਂ ਨੂੰ ਆਪਣੀ ਜਿਣਸ ਵੇਚਣ ਲਈ ਮੰਡੀ 'ਚ ਇੰਤਜ਼ਾਰ ਨਾ ਕਰਨਾ ਪਵੇ। ਇਸ ਮੌਕੇ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਅਫਸਰ ਰੂਪਪ੍ਰੀਤ ਕੌਰ, ਪਨਗ੍ਰੇਨ, ਫ਼ੂਡ ਕਾਰਪੋਰੇਸ਼ਨ ਆਫ ਇੰਡੀਆ, ਮਾਰਕਫ਼ੈਡ, ਪਨਸਪ ਅਤੇ ਪੰਜਾਬ ਵੇਅਰ ਹਾਊਸ ਦੇ ਜ਼ਿਲ੍ਹਾ ਮੈਨੇਜਰ ਮੌਜੂਦ ਸਨ। ਬਰਨਾਲਾ ਮੰਡੀ ਵਿਖੇ ਝੋਨਾ ਲੈ ਕੇ ਪਹੁੰਚੇ ਕਿਸਾਨ ਰਾਜਿੰਦਰ ਸਿੰਘ, ਪਿੰਡ ਸੇਖਾ ਤੋਂ, ਨੇ ਦੱਸਿਆ ਕਿ ਮੰਡੀਆਂ 'ਚ ਕਿਸਾਨਾਂ ਲਈ ਚੰਗੇ ਪ੍ਰਬੰਧ ਕੀਤਾ ਗਏ ਹਨ। ਇਸੇ ਤਰ੍ਹਾਂ ਰੰਗੀਆਂ ਪਿੰਡ ਤੋਂ ਆਏ ਕਿਸਾਨ ਸੰਦੀਪ ਸਿੰਘ ਅਤੇ ਸੇਖਾ ਤੋਂ ਆਏ ਰਣਜੀਤ ਸਿੰਘ ਨੇ ਵੀ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਲਈ ਮੰਡੀਆਂ 'ਚ ਚੰਗੇ ਪ੍ਰਬੰਧ ਕੀਤੇ ਗਏ ਹਨ।



# ਹੁਣ ਵੋਟਰ ਸੋਸ਼ਲ ਮੀਡੀਆ ਰਾਹੀਂ ਲੈ ਸਕਣਗੇ ਚੋਣ ਵਿਭਾਗ ਸਬੰਧੀ ਹਰ ਤਾਜ਼ਾ ਜਾਣਕਾਰੀ

## ਕਿਊ ਆਰ ਕੋਡ ਸਕੈਨ ਕਰੋ ਅਤੇ ਮੁੱਖ ਚੋਣ ਦਫ਼ਤਰ ਪੰਜਾਬ ਦੇ ਸੋਸ਼ਲ ਮੀਡੀਆ ਨਾਲ ਜੁੜੋ- ਸਾਕਸ਼ੀ ਸਾਹਨੀ

ਅੰਮ੍ਰਿਤਸਰ, (ਅਰਵਿੰਦਰ ਵੜੈਚ)- ਚੋਣਾਂ ਸਬੰਧੀ ਹਰ ਤਰ੍ਹਾਂ ਦੀ ਸਹੀ, ਸਟੀਕ ਅਤੇ ਸਮੇਂ ਸਿਰ ਜਾਣਕਾਰੀ ਆਮ ਲੋਕਾਂ ਤੱਕ ਪਹੁੰਚੇ, ਇਸ ਲਈ ਮੁੱਖ ਚੋਣ ਦਫ਼ਤਰ ਪੰਜਾਬ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਪੂਰੀ ਤਰ੍ਹਾਂ ਕਾਰਜਸ਼ੀਲ ਕੀਤਾ ਗਿਆ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ, ਸ਼੍ਰੀਮਤੀ ਸਾਕਸ਼ੀ ਸਾਹਨੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਹੁਣ ਲੋਕ ਫੇਸਬੁੱਕ, ਇੰਸਟਾਗ੍ਰਾਮ, ਟਵੀਟਰ ਤੇ ਯੂਟਿਊਬ 'ਤੇ ਉਪਲਬਧ ਮੁੱਖ ਚੋਣ ਦਫ਼ਤਰ ਦੇ ਅਧਿਕਾਰਤ ਅਕਾਊਂਟ ਨਾਲ ਜੁੜ ਸਕਦੇ ਹਨ ਅਤੇ ਚੋਣਾ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਲੈ ਸਕਣ ਗੇ । ਸਿਰਫ਼ ਕਿਊ ਆਰ ਕੋਡ ਸਕੈਨ ਕਰਕੇ ਇਹ ਅਕਾਊਂਟ ਫਾਲੋਅ ਕੀਤੇ ਜਾ ਸਕਦੇ ਹਨ ਅਤੇ ਚੋਣਾਂ ਸਬੰਧੀ ਮਹੱਤਵਪੂਰਨ ਜਾਣਕਾਰੀ, ਨਵੀਨਤਮ ਅੱਪਡੇਟਾਂ ਅਤੇ ਮੁੱਖ ਚੋਣ ਅਧਿਕਾਰੀ ਦੀਆਂ ਹਦਾਇਤਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ, ਉਨ੍ਹਾਂ ਕਿਹਾ ਕਿ ਆਮ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਣ ਅਤੇ ਉਨ੍ਹਾਂ ਤੱਕ ਹਰ ਲੋੜੀਂਦੀ ਜਾਣਕਾਰੀ ਪਹੁੰਚਾਉਣ ਲਈ ਸੋਸ਼ਲ ਮੀਡੀਆ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮ ਵਜੋਂ ਉਭਰਿਆ ਹੈ।



# ਖ਼ਾਲਸਾ ਕਾਲਜ ਵੈਟਰਨਰੀ ਵਿਖੇ ਜੈਵਿਕ ਪਸ਼ੂ ਪਾਲਣ 'ਤੇ ਵਰਕਸ਼ਾਪ ਕਰਵਾਈ ਗਈ

ਅੰਮ੍ਰਿਤਸਰ, (ਲੋਕ ਬਾਣੀ)–ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਵਿਖੇ 'ਭਾਰਤ 'ਚ ਜੈਵਿਕ ਪਸ਼ੂ ਪਾਲਣ- ਮੌਕੇ ਅਤੇ ਚੁਣੌਤੀਆਂ' ਵਿਸ਼ੇ 'ਤੇ ਇੱਕ ਰੋਜ਼ਾ ਰਾਸ਼ਟਰੀ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਈ ਗਈ ਉਕਤ ਵਰਕਸ਼ਾਪ ਮੌਕੇ ਦੇਸ਼ ਭਰ ਦੇ ਉੱਘੇ ਵਿਗਿਆਨੀਆਂ, ਸਿੱਖਿਆ ਸ਼ਾਸਤਰੀਆਂ, ਨੀਤੀ ਨਿਰਮਾਤਾਵਾਂ, ਉਦਯੋਗਪਤੀਆਂ ਅਤੇ ਹਿੱਸੇਦਾਰਾਂ ਨੂੰ ਭਾਰਤ 'ਚ ਜੈਵਿਕ ਪਸ਼ੂ ਪਾਲਣ ਦੇ ਦਾਇਰੇ ਅਤੇ ਭਵਿੱਖ 'ਤੇ ਵਿਚਾਰ-ਵਟਾਂਦਰਾ ਕਰਨ ਸਬੰਧੀ ਇਕੱਠਾ ਕੀਤਾ ਗਿਆ। ਇਸ ਮੌਕੇ ਪ੍ਰਿੰ: ਡਾ. ਵਰਮਾ ਨੇ ਉਕਤ ਮਹਿਮਾਨਾਂ ਦਾ ਸਵਾਗਤ ਕਰਦਿਆਂ ਜਨਤਕ ਸਿਹਤ ਅਤੇ ਵਾਤਾਵਰਣ ਸੁਰੱਖਿਆ ਸਬੰਧੀ ਟਿਕਾਊ ਪਸ਼ੂ ਪਾਲਣ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜੈਵਿਕ ਪਸ਼ੂ ਪਾਲਣ ਜੈਵਿਕ ਦੁੱਧ ਦੇ ਉਤਪਾਦਨ ਵੱਲ ਲੈ ਜਾਂਦਾ ਹੈ, ਜਿਸਨੂੰ ਸ਼ੁੱਧ ਕਿਹਾ ਜਾ ਸਕਦਾ ਹੈ ਜੋ ਪੁਰਾਣੇ ਦੁੱਧ ਨਾਲ ਸਬੰਧਿਤ ਹੈ। ਉਨ੍ਹਾਂ ਕਿਹਾ ਕਿ ਇੱਥੋਂ ਤੱਕ ਕਿ ਬਜ਼ੁਰਗਾਂ ਦੇ ਆਸ਼ੀਰਵਾਦ ਵੀ 'ਤੁਹਾਨੂੰ ਦੁੱਧ ਨਾਲ ਨਹਾਉਣ ਦਿਓ, ਤੁਸੀਂ ਖਿੜੋ ਅਤੇ ਵਧੋ' (ਦੁੱਧੋ ਨਹਾਓ ਪੁਤੋ ਫਲੋ) ਵਰਗੇ ਸਨ, ਜੋ ਇਹ ਕਹਿੰਦੇ ਹੋਏ ਪ੍ਰਮਾਣਿਤ ਕਰਦਾ ਹੈ ਕਿ ਦੁੱਧ ਇਕ ਅੰਮ੍ਰਿਤ ਹੈ। ਇਸ ਮੌਕੇ ਐੱਮ. ਡੀ. ਡਾ. ਐਸ. ਕੇ. ਨਾਗਪਾਲ ਨੇ ਜੈਵਿਕ ਉਤਪਾਦਾਂ ਲਈ ਉਚਿਤ ਮੁੱਲ ਨੂੰ ਯਕੀਨੀ ਬਣਾਉਣ ਲਈ ਕਿਸਾਨਾਂ ਨੂੰ ਸਿੱਧੇ ਖਪਤਕਾਰਾਂ ਨਾਲ ਜੋੜਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਜਦਕਿ ਉਕਤ ਵਰਕਸ਼ਾਪ ਦਾ ਸਬੰਧੀ ਵਿਸ਼ਾ ਕਾਲਜ ਦੇ ਸੰਗਠਨ ਸਕੱਤਰ ਡਾ. ਵੀ. ਵੀ. ਕੁਲਕਰਨੀ ਦੁਆਰਾ ਦਰਸਾਇਆ ਗਿਆ ਸੀ, ਜਿਨ੍ਹਾਂ ਨੇ ਜੈਵਿਕ ਖੇਤੀ ਦੇ ਵੱਧ ਰਹੇ ਬਾਜ਼ਾਰ ਮੌਕਿਆਂ ਅਤੇ ਨੀਤੀਗਤ ਸਾਰਥਿਕਤਾ 'ਤੇ ਜ਼ੋਰ ਦਿੱਤਾ। ਉਦਘਾਟਨੀ ਸਮਾਰੋਹ ਦਾ ਇਕ ਵਿਸ਼ੇਸ਼ ਆਕਰਸ਼ਣ ਡਾ. ਐਸ. ਬੀ. ਬਰਬੁੱਧੇ, ਡਾਇਰੈਕਟਰ, ਆਈ. ਸੀ. ਏ. ਆਰ.-ਐੱਨ. ਐੱਮ. ਆਰ. ਆਈ., ਹੈਦਰਾਬਾਦ ਦੁਆਰਾ ਪ੍ਰਕਾਸ਼ਨਾਂ ਦਾ ਰਿਲੀਜ਼ ਸੀ, ਜਿਨ੍ਹਾਂ ਨੇ ਮੁੱਖ ਭਾਸ਼ਣ ਦਿੰਦਿਆਂ ਜੈਵਿਕ ਪਸ਼ੂਧਨ ਪ੍ਰਣਾਲੀਆਂ ਨੂੰ ਵਧਾਉਣ ਲਈ ਵਿਗਿਆਨ, ਪ੍ਰੰਪਰਾ ਅਤੇ ਨਵੀਨਤਾ ਨੂੰ ਏਕੀਕ੍ਰਿਤ ਕਰਨ ਲਈ ਸਮੂਹਿਕ ਯਤਨਾਂ ਦੀ ਮੰਗ ਕੀਤੀ। ਇਸ ਸਮਾਗਮ ਦੌਰਾਨ ਤਕਨੀਕੀ ਸੈਸ਼ਨਾਂ 'ਚ ਮਾਹਿਰਾਂ ਵੱਲੋਂ ਭਰਪੂਰ ਪੇਸ਼ਕਾਰੀਆਂ ਦਿੱਤੀਆਂ ਗਈਆਂ।




# ਭਗਵੰਤ ਮਾਨ ਸਰਕਾਰ ਦਾ ਇੱਕ ਹੋਰ ਲੋਕ ਪੱਖੀ ਫ਼ੈਸਲਾ-ਸਿਮਰਜੀਤ ਸਿੰਘ ਸਾਬ


**ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦੇ ਨਕਦ ਰਹਿਤ ਇਲਾਜ ਲਈ ਰਜਿਸਟਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ - ਸਿਮਰਜੀਤ ਸਿੰਘ ਸਾਬ**

ਗੁਰਦਾਸਪੁਰ( ਜਸਵਿੰਦਰ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਵਿਆਪਕ ਸਿਹਤ ਸੰਭਾਲ ਕਵਰੇਜ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਲਈ ਰਜਿਸਟ ?ਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ ਕੀਤੀ, ਜਿਸ ਤਹਿਤ ਸੂਬੇ ਦੇ 3 ਕਰੋੜ ਨਿਵਾਸੀਆਂ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਇਲਾਜ ਮਿਲੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਿਮਰਜੀਤ ਸਿੰਘ ਸਾਬ ਜ਼ਿਲ੍ਹਾ ਪ੍ਰਧਾਨ ਟਰੇਡ ਵਿੰਗ ਗੁਰਦਾਸਪੁਰ ਨੇ ਦੱਸਿਆ ਕਿ ਇਸ ਰਜਿਸਟ ?ਰੇਸ਼ਨ ਪ੍ਰਕਿਰਿਆ ਦਾ ਆਨਲਾਈਨ ਉਦਘਾਟਨ ਰਾਜ ਸਿਹਤ ਏਜੰਸੀ (ਐੱਸ.ਐੱਚ.ਏ.) ਦਫ਼ਤਰ ਤੋਂ ਕੀਤਾ ਗਿਆ। ਇਹ ਪ੍ਰਾਜੈਕਟ ਫ਼ ?ਲਹਾਲ ਦੋ ਜ਼ਿਲਿਆਂ ਤਰਨਤਾਰਨ ਅਤੇ ਬਰਨਾਲਾ ਤੋਂ ਸ਼ੁਰੂ ਕੀਤਾ ਗਿਆ ਹੈ ਉਹਨਾਂ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਪੰਜਾਬ ਦੇਸ ਦਾ ਪਹਿਲਾ ਸੂਬਾ ਬਣ ਗਿਆ ਹੈ ਜੋ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਆਮਦਨ ਸ਼ਰਤ ਦੇ 10 ਲੱਖ ਰੁਪਏ ਦਾ ਵਿਆਪਕ ਸਿਹਤ ਬੀਮਾ ਕਵਰ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋ ਜ਼ਿਲਿਆਂ ਦੇ ਤਜਰਬੇ ਦੇ ਆਧਾਰ 'ਤੇ, ਰਜਿਸਟ ?ਰੇਸ਼ਨ ਮੁਹਿੰਮ ਨੂੰ ਤੇਜ਼ੀ ਨਾਲ ਸਮੁੱਚੇ ਸੂਬੇ ਵਿੱਚ ਲਾਗੂ ਕੀਤਾ ਜਾਵੇਗਾ ਉਹਨਾਂ ਨੇ ਅੱਗੇ ਦੱਸਿਆ ਕਿ ਇਹ ਯੋਜਨਾ ਸਿਹਤ ਸੰਭਾਲ ਲਈ ਆਮ ਲੋਕਾਂ 'ਤੇ ਪੈਣ ਵਾਲੇ ਇਲਾਜ ਸੇਵਾਵਾਂ ਦੇ ਬੋਝ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਸ ਯੋਜਨਾ ਤਹਿਤ ਲਾਭਪਾਤਰੀ ਸੂਬੇ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ 500 ਤੋਂ ਵੱਧ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦੀ ਰਹਿਤ ਇਲਾਜ ਪ੍ਰਾਪਤ ਕਰ ਸਕਦੇ ਹਨ ਉਹਨਾਂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਡਾਕਟਰੀ ਇਲਾਜਾਂ ਦੀ ਵਿਸ਼ਾਲ ਸੂਚੀ ਸ਼ਾਮਲ ਹੈ, ਜਿਸ ਤਹਿਤ 2300 ਤੋਂ ਵੱਧ ਸਿਹਤ ਪੈਕੇਜਾਂ ਵਿਚ ਹਰ ਤਰਾਂ ਦੀਆਂ ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਦੇ ਨਾਲ-ਨਾਲ ਦੁਰਘਟਨਾਤਮਕ ਸਰਜਰੀਆਂ ਨੂੰ ਵੀ ਕਵਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਪੰਜਾਬ ਦੇ ਲੋਕਾਂ ਲਈ ਹਰ ਡਾਕਟਰੀ ਸਹੂਲਤ ਨੂੰ ਇਸ ਵਿਆਪਕ ਸਿਹਤ ਬੀਮਾ ਹੇਠ ਕਵਰ ਕੀਤਾ ਜਾਵੇ



# ਡੀ.ਏ.ਵੀ. ਇੰਟਰਨੈਸ਼ਨਲ 27 ਸਤੰਬਰ ਨੂੰ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕਰੇਗਾ

ਅੰਮ੍ਰਿਤਸਰ, (ਲੋਕ ਬਾਣੀ)- ਡੀ.ਏ.ਵੀ ਇੰਟਰਨੈਸ਼ਨਲ ਸਕੂਲ ਏਕਨੂਰ ਸੇਵਾ ਟਰੱਸਟ ਦੇ ਸਹਿਯੋਗ ਨਾਲ ਪ੍ਰਿੰਸੀਪਲ ਡਾ.ਅੰਜਨਾ ਗੁਪਤਾ ਦੀ ਪ੍ਰਧਾਨਗੀ ਹੇਠ ਖ਼ੂਨਦਾਨ ਕੈਂਪ ਦਾ ਆਯੋਜਨ ਕਰ ਰਿਹਾ ਹੈ। ਇਹ ਕੈਂਪ 27 ਸਤੰਬਰ (ਸ਼ਨੀਵਾਰ) ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਸਕੂਲ ਦੇ ਵਿਹੜੇ ਵਿੱਚ ਲਗਾਇਆ ਜਾਵੇਗਾ। ਪ੍ਰਿੰਸੀਪਲ ਡਾ.ਅੰਜਨਾ ਗੁਪਤਾ ਨੇ ਦੱਸਿਆ ਕਿ ਖ਼ੂਨਦਾਨ ਇੱਕ ਮਹਾਨ ਦਾਨ ਹੈ। ਇੱਕ ਵਿਅਕਤੀ ਕਈ ਲੋੜਵੰਦਾਂ ਦੀਆਂ ਜਾਨਾਂ ਬਚਾ ਸਕਦਾ ਹੈ। ਸਰੀਰ ਵਿੱਚ ਖ਼ੂਨ ਉਤਪਾਦਨ ਦੀ ਪ੍ਰਕਿਰਿਆ ਨਿਰੰਤਰ ਜਾਰੀ ਰਹਿੰਦੀ ਹੈ। ਦਾਨੀ ਦਾ ਸਰੀਰ ਜਲਦੀ ਗੁਆਚੇ ਹੋਏ ਖ਼ੂਨ ਨੂੰ ਭਰ ਦਿੰਦਾ ਹੈ, ਇਸ ਲਈ ਇੱਕ ਸਿਹਤਮੰਦ ਵਿਅਕਤੀ ਨੂੰ ਖ਼ੂਨਦਾਨ ਕਰਨ ਤੋਂ ਕਦੇ ਵੀ ਸੰਕੋਚ ਨਹੀਂ ਕਰਨਾ ਚਾਹੀਦਾ। ਚੰਗੀ ਸਿਹਤ ਸਭ ਤੋਂ ਵੱਡੀ ਵਰਦਾਨ ਹੈ। ਜੇਕਰ ਅਸੀਂ ਸਿਹਤਮੰਦ ਹਾਂ ਅਤੇ ਆਪਣਾ ਖ਼ੂਨਦਾਨ ਕਰ ਸਕਦੇ ਹਾਂ, ਤਾਂ ਇਹ ਉਨ੍ਹਾਂ ਲੋਕਾਂ ਲਈ ਲਾਭਦਾਇਕ ਹੋ ਸਕਦਾ ਹੈ ਜਿਨ੍ਹਾਂ ਨੂੰ ਨਵੀਂ ਜ਼ਿੰਦਗੀ ਮਿਲ ਸਕਦੀ ਹੈ। ਸਕੂਲ ਮੈਨੇਜਰ ਡਾ.ਰਾਜੇਸ਼ ਕੁਮਾਰ ਨੇ ਵੀ ਲੋਕਾਂ ਨੂੰ ਇਸ ਮਹਾਨ ਦਾਨ ਦਾ ਸਮਰਥਨ ਕਰਨ ਲਈ ਉਤਸ਼ਾਹਿਤ ਕਰਦੇ ਹੋਏ ਕਿਹਾ ਕਿ ਖ਼ੂਨਦਾਨ ਕਰਨ ਵਾਲੇ ਵਿਅਕਤੀ ਨੂੰ ਵੀ ਲਾਭ ਹੁੰਦਾ ਹੈ। ਜਦੋਂ ਸਰੀਰ ਵਿੱਚ ਨਵਾਂ ਖ਼ੂਨ ਪੈਦਾ ਹੁੰਦਾ ਹੈ, ਤਾਂ ਇਹ ਜੀਵਨਸ਼ਕਤੀ ਅਤੇ ਉਤਸ਼ਾਹ ਲਿਆਉਂਦਾ ਹੈ। ਇਸ ਲਈ, ਸਾਰਿਆਂ ਨੂੰ ਖ਼ੂਨਦਾਨ ਕਰਕੇ ਮਨੁੱਖਤਾ ਦੀ ਭਲਾਈ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਪ੍ਰਿੰਸੀਪਲ ਡਾ.ਅੰਜਨਾ ਗੁਪਤਾ ਨੇ ਨਾਗਰਿਕਾਂ ਨੂੰ ਇਸ ਕੈਂਪ ਵਿੱਚ ਸ਼ਾਮਲ ਹੋਣ ਅਤੇ ਖ਼ੂਨਦਾਨ ਦੇ ਮਹਾਨ ਕਾਰਜ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ।



# ਜਗਰੂਪ ਸਿੰਘ ਸੇਖਵਾਂ ਨੇ ਫਤੇਹ ਨੰਗਲ ਤੋਂ ਲੇਹਲ, ਖੁੰਡਾ ਤੋਂ ਸਰਸਪੁਰ ਅਤੇ ਖੁੰਡਾ ਤੋਂ ਡੇਅਰੀਵਾਲ ਰੋਡ ਪਰਦੇਸੀ ਰੁੱਖਾਂ ਤੱਕ ਸੰਪਰਕ ਸੜਕਾਂ ਦੇ ਨੀਂਹ ਪੱਥਰ ਰੱਖੇ - ਜਗਰੂਪ ਸਿੰਘ ਸੇਖਵਾਂ

**ਹਲਕਾ ਕਾਦੀਆਂ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ- ਐਡਵੋਕੇਟ**

ਗੁਰਦਾਸਪੁਰ, ( ਜਸਵਿੰਦਰ ਸਿੰਘ ) ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦੇ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਅੱਜ ਪਿੰਡ ਫ਼ਤਿਹ ਨੰਗਲ ਤੋਂ ਲੇਹਲ, ਖੁੰਡਾ ਤੋਂ ਸਰਸਪੁਰ ਅਤੇ ਖੁੰਡਾ ਤੋਂ ਡੇਅਰੀਵਾਲ ਰੋਡ ਪਰਦੇਸੀ ਰੁੱਖਾਂ ਤੱਕ ਸੰਪਰਕ ਸੜਕਾਂ ਬਣਾਉਣ ਦੇ ਨੀਂਹ ਪੱਥਰ ਰੱਖੇ ਗਏ ਇਸ ਮੌਕੇ ਪਿੰਡ ਖੁੰਡਾ ਵਿਖੇ ਇਲਾਕਾ ਨਿਵਾਸੀਆਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਹੁੰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਤਿੰਨ ਮਾਰਕਿਟ ਕਮੇਟੀਆਂ ਕਾਹਨੂੰਵਾਨ, ਕਾਦੀਆਂ ਅਤੇ ਧਾਰੀਵਾਲ ਪੈਂਦੀਆਂ ਹਨ ਅਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਤਿੰਨਾਂ ਮਾਰਕਿਟ ਕਮੇਟੀਆਂ ਅਧੀਨ ਆਉਂਦੀਆਂ ਪੇਂਡੂ ਸੰਪਰਕ ਸੜਕਾਂ ਦੀ ਮੁਰੰਮਤ ਲਈ 100 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਅੱਜ ਮਾਰਕਿਟ ਕਮੇਟੀ ਧਾਰੀਵਾਲ ਅਧੀਨ ਸੜਕਾਂ ਦੀ ਮੁਰੰਮਤ ਦੇ ਨੀਂਹ ਪੱਥਰ ਰੱਖੇ ਗਏ ਹਨ ਅਤੇ ਇਨ੍ਹਾਂ ਸੜਕਾਂ ਦੀ ਮੁਰੰਮਤ ਕਰਨ ਦੇ ਨਾਲ ਇਨ੍ਹਾਂ ਨੂੰ ਚੌੜਾ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੜਕਾਂ ਦੀ ਮੁਰੰਮਤ ਦੌਰਾਨ ਇਸ ਦੀ ਗੁਣਵੱਤਾ ਦਾ ਖ਼ਾਸ ਖ਼ ?ਆਲ ਰੱਖਿਆ ਜਾ ਰਿਹਾ ਹੈ ਅਤੇ 5 ਸਾਲ ਤੱਕ ਸੜਕ ਦੇ ਰੱਖ-ਰਖਾਅ ਦੀ ਜ਼ਿੰਮੇਵਾਰੀ ਵੀ ਠੇਕੇਦਾਰ ਦੀ ਹੋਵੇਗੀ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।



# ਜ਼ਿਲ੍ਹਾ ਪੱਧਰੀ ਖੇਡਾਂ 'ਚ ਬਡਬਰ ਸਕੂਲ ਦੇ ਖਿਡਾਰੀਆਂ ਸੋਨ ਤਗਮਾ ਜਿੱਤਿਆ

ਬਰਨਾਲਾ, ਗੋਇਲ-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਦੇ ਖਿਡਾਰੀਆਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੰਧੂ ਪੱਤੀ ਬਰਨਾਲਾ ਵਿਖੇ ਹੋਏ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਈ ਮੈਡਲ ਜਿੱਤ ਕੇ ਸਕੂਲ ਦਾ ਮਾਣ ਵਧਾਇਆ ਹੈ। ਵਾਲੀਬਾਲ (ਕੁੜੀਆਂ) ਮੁਕਾਬਲਿਆਂ ਵਿੱਚ ਬਡਬਰ ਸਕੂਲ ਦੀਆਂ ਟੀਮਾਂ ਨੇ 14, 17 ਅਤੇ 19 ਉਮਰ ਵਰਗਾਂ ਵਿੱਚ ਸੋਨੇ ਦੇ ਤਗਮੇ ਜਿੱਤ ਕੇ ਇਤਿਹਾਸ ਰਚਿਆ। ਮੁੰਡਿਆਂ ਨੇ ਵੀ ਆਪਣਾ ਜਲਵਾ ਦਿਖਾਉਂਦਿਆਂ 14 ਅਤੇ 17 ਉਮਰ ਵਰਗ ਵਿੱਚ ਸੋਨੇ ਦੇ ਤਗਮੇ, ਜਦਕਿ 19 ਉਮਰ ਵਰਗ ਵਿੱਚ ਕਾਂਸੀ ਦਾ ਤਗਮਾ ਹਾਸਲ ਕਰਕੇ ਸਕੂਲ ਦੀ ਝੋਲੀ ਪਾਇਆ।ਬੀਚ ਵਾਲੀਬਾਲ (ਕੁੜੀਆਂ) ਵਿੱਚ ਵੀ ਬਡਬਰ ਸਕੂਲ ਦੀਆਂ ਧੀਆਂ ਨੇ 14, 17 ਅਤੇ 19 ਉਮਰ ਵਰਗਾਂ ਵਿੱਚ ਸੋਨੇ ਦੇ ਤਗਮੇ ਜਿੱਤ ਕੇ ਸਕੂਲ ਦਾ ਨਾਮ ਚਮਕਾਇਆ।ਜਿੱਤ ਪ੍ਰਾਪਤ ਕਰਨ ਤੋਂ ਬਾਅਦ ਉਤਸ਼ਾਹਿਤ ਖਿਡਾਰੀਆਂ ਨੇ ਦੱਸਿਆ ਕਿ ਉਨ੍ਹਾਂ ਦੇ ਡੀਪੀਈ ਮੈਡਮ ਪਰਮਜੀਤ ਕੌਰ ਨੇ ਉਨ੍ਹਾਂ ਨੂੰ ਤਿਆਰੀ ਕਰਵਾਈ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਸੁਨੀਤਇੰਦਰ ਸਿੰਘ, ਡੀਐਮ ਸਪੋਰਟਸ ਸਿਮਰਦੀਪ ਸਿੰਘ ਅਤੇ ਸਕੂਲ ਪ੍ਰਿੰਸੀਪਲ ਯਸ਼ ਗੁਪਤਾ ਨੇ ਖਿਡਾਰੀਆਂ ਅਤੇ ਡੀਪੀਈ ਪਰਮਜੀਤ ਕੌਰ ਨੂੰ ਦਿਲੋਂ ਵਧਾਈ ਦਿੱਤੀ। ਉਹਨਾਂ ਨੇ ਕਿਹਾ ਕਿ ਬਡਬਰ ਸਕੂਲ ਦੇ ਵਿਦਿਆਰਥੀਆਂ ਨੇ ਖੇਡਾਂ ਵਿੱਚ ਸ਼ਾਨਦਾਰ ਉਪਲਬਧੀ ਪੂਰੇ ਇਲਾਕੇ ਲਈ ਮਾਣ ਵਾਲੀ ਗੱਲ ਹੈ।ਅਧਿਕਾਰੀਆਂ ਨੇ ਕਿਹਾ ਕਿ ਇਹ ਨੌਜਵਾਨ ਖਿਡਾਰੀ ਅਗਲੇ ਦਿਨਾਂ ਵਿੱਚ ਸੂਬਾ ਅਤੇ ਰਾਸ਼ਟਰੀ ਪੱਧਰ 'ਤੇ ਵੀ ਕਮਾਲ ਕਰ ਸਕਦੇ ਹਨ। ਉਹਨਾਂ ਦੀ ਕਾਮਯਾਬੀ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨ੍ਹਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ।ਰੋਜ਼ਾਨਾ ਲੋਕ ਬਾਣੀ 'ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾਂ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖ਼ਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ।

*Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of, Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com*

# ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਨਾ ਸਾੜਨ ਸਬੰਧੀ ਕਿਸਾਨ ਸਿਖ਼ਲਾਈ ਕੈਂਪ

ਮਹਿਲ ਕਲਾਂ,/ਬਰਨਾਲਾ , ਜਤਿੰਦਰ ਦੇਵਗਨ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਲਾਕ ਮਹਿਲ ਕਲਾਂ ਵੱਲੋਂ ਡਿਪਟੀ ਕਮਿਸ਼ਨਰ, ਬਰਨਾਲਾ ਸ੍ਰੀ ਟੀ ਬੈਨਿਥ ਅਤੇ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਡਾ. ਹਰਬੰਸ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਪਿੰਡ ਲੋਹਗੜ੍ਹ ਦੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ- ਸੰਭਾਲ ਸਬੰਧੀ ਜਾਗਰੂਕ ਕੀਤਾ ਗਿਆ। ਇਸ ਕੈਂਪ ਦੌਰਾਨ ਡਾ. ਅਮਨਦੀਪ ਕੌਰ, ਫ਼ਾਰਮ ਸਲਾਹਕਾਰ ਸੇਵਾ ਕੇਂਦਰ, ਬਰਨਾਲਾ ਨੇ ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਖੇਤੀਬਾੜੀ ਯੂਨੀਵਰਿਸਟੀ ਵੱਲੋ ਸਿਫਾਰਸ਼ ਕੀਤੀਆਂ ਗਈਆਂ ਕਣਕ ਦੀਆਂ ਕਿਸਮਾਂ, ਖ਼ੁਰਾਕੀ ਤੱਤ, ਕੀੜੇ- ਮਕੌੜੇ ਅਤੇ ਬਿਮਾਰੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਕੈਂਪ ਵਿੱਚ ਸਨਵਿੰਦਰਪਾਲ ਸਿੰਘ ਬਰਾੜ ਬਲਾਕ ਤਕਨੀਕੀ ਮੈਨਜ਼ਰ, ਮਹਿਲ ਕਲਾਂ ਨੇ ਕਿਸਾਨਾਂ ਨੂੰ ਕਿਹਾ ਕਿ ਜਿੱਥੇ ਅਸੀਂ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਕੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਹੇ ਹਾਂ, ਉੱਥੇ ਧਰਤੀ ਦੀ ਉਪਜਾਊ ਸ਼ਕਤੀ ਅਤੇ ਮਿੱਤਰ ਕੀੜੇ ਵੀ ਮਾਰ ਰਹੇ ਹਾਂ। ਉਹਨਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਨਵੀਆਂ ਤਕਨੀਕਾਂ (ਹੈਪੀਸੀਡਰ, ਸੁਪਰਸੀਡਰ, ਸਰਫ਼ੇਸ ਸੀਡਰ ਆਦਿ) ਨਾਲ ਹੀ ਕਣਕ ਦੀ ਬਿਜਾਈ ਕੀਤੀ ਜਾਵੇ ਤਾਂ ਜੋ ਆਉਣ ਵਾਲੀਆਂ ਨਸਲਾਂ ਲਈ ਸ਼ੁੱਧ ਵਾਤਾਵਰਨ ਪ੍ਰਦਾਨ ਕੀਤਾ ਜਾ ਸਕੇ।




# ਸੋਲਨ ਵਿੱਚ ਆਫਤ ਪ੍ਰਬੰਧਨ, ਪੋਸ਼ਣ ਅਭਿਆਨ, ਬਾਗਵਾਨੀ ਮਿਸ਼ਨ, ਮਹਿਲਾ ਸਸ਼ਕਤੀਕਰਣ ‘ਤੇ ਵਾਰਤਾਲਾਪ ਦਾ ਆਯੋਜਨ

ਸੋਲਨ/ਸ਼ਿਮਲਾ/ਚੰਡੀਗੜ੍ਹ, : ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਪੱਤਰ ਸੂਚਨਾ ਦਫ਼ਤਰ, ਚੰਡੀਗੜ੍ਹ ਦੁਆਰਾ ਅੱਜ ਹਿਮਾਚਲ ਪ੍ਰਦੇਸ਼ ਦੇ ਸੋਲਨ ਵਿੱਚ ਆਫ਼ਤ ਪ੍ਰਬੰਧਨ, ਪੋਸ਼ਣ ਅਭਿਆਨ, ਬਾਗਬਾਨੀ ਮਿਸ਼ਨ ਅਤੇ ਮਹਿਲਾ ਸਸ਼ਕਤੀਕਰਣ ਵਰਗੇ ਵਿਸ਼ਿਆਂ ’ਤੇ ਇੱਕ ਮੀਡੀਆ ਵਰਕਸ਼ਾਪ, ÷ਵਾਰਤਾਲਾਪ÷ ਦਾ ਆਯੋਜਨ ਕੀਤਾ ਗਿਆ। ਇਸ ਦਾ ਉਦੇਸ਼ ਆਫ਼ਤ ਪ੍ਰਬੰਧਨ ਦੇ ਵੱਖ-ਵੱਖ ਪਹਿਲੂਆਂ ’ਤੇ ਸਰਕਾਰ ਅਤੇ ਚੌਥੇ ਥੰਮ ?ਹ ਦੇ ਦਰਮਿਆਨ ਸਾਰਥਕ ਸੰਵਾਦ ਅਤੇ ਵਿਚਾਰਾਂ ਦੇ ਉਪਯੋਗੀ ਆਦਾਨ-ਪ੍ਰਦਾਨ ਨੂੰ ਹੁਲਾਰਾ ਦੇਣਾ ਸੀ। ਇਸ ਵਾਰਤਾਲਾਪ ਦੀ ਸ਼ੁਰੂਆਤ ਸੋਲਨ ਦੇ ਡਿਪਟੀ ਕਮਿਸ਼ਨਰ ਸ਼੍ਰੀ ਮਨਮੋਹਨ ਸ਼ਰਮਾ ਨੇ ਕੀਤੀ। ਮੀਡੀਆ ਨੂੰ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਫ਼ਤ ਪ੍ਰਬੰਧਨ ਇੱਕ ਅਜਿਹਾ ਖੇਤਰ ਹੈ, ਜੋ ਮੀਡੀਆ ਰਿਪੋਰਟਾਂ ਵਿੱਚ ਸਨਸਨੀਖੇਜ਼ਤਾ ਹੋਣ ਕਾਰਨ ਗੈਰ ਜ਼ਰੂਰੀ ਰੂਪ ਵਿੱਚ ਪ੍ਰਭਾਵਿਤ ਹੋ ਸਕਦਾ ਹੈ।




# ਪਿੰਡ ਹਯਾਤ ਨਗਰ ਦੇ ਵਿਕਾਸ ਪ੍ਰੋਜੈਕਟਾਂ ਉੱਪਰ ਖ਼ਰਚ ਕੀਤੇ ਜਾਣਗੇ 2.81 ਕਰੋੜ ਰੁਪਏ - ਸਰਪੰਚ ਉਂਕਾਰ ਸਿੰਘ ਨਾਂਗੀ

## ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਰਪੰਚ ਉਂਕਾਰ ਸਿੰਘ ਨਾਂਗੀ ਨੇ ਇੱਕ ਭਰਵੇਂ ਇਕੱਠ ਨੂੰ ਸੰਬੋਧਨ ਕੀਤਾ

ਗੁਰਦਾਸਪੁਰ, ( ਜਸਵਿੰਦਰ ਸਿੰਘ ) ਅੱਜ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡ ਹਯਾਤ ਨਗਰ ਵਿਖੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਇਨ੍ਹਾਂ ਵਿਕਾਸ ਪ੍ਰੋਜੈਕਟਾਂ ਉੱਪਰ 2.81 ਕਰੋੜ ਰੁਪਏ ਖ਼ਰਚੇ ਜਾਣਗੇ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਰਪੰਚ ਉਂਕਾਰ ਸਿੰਘ ਨਾਂਗੀ ਨੇ ਇੱਕ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿੰਡ ਹਯਾਤ ਨਗਰ ਵਿਖੇ 2.81 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਕੀਤੇ ਜਾਣਗੇ, ਜਿਨ੍ਹਾਂ ਵਿੱਚ 1.34 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਦੀਆਂ ਗਲੀਆਂ ਵਿੱਚ ਇੰਟਰਲਾਕ ਟਾਈਲਾਂ ਲਗਾਈਆਂ ਜਾਣਗੀਆਂ। 17.03 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਵਿੱਚ ਪਾਰਕ ਬਣਾਈ ਜਾਵੇਗੀ। ਪਿੰਡ ਦੇ ਛੱਪੜ ਦੀ ਰੀਟੇਨਿੰਗ ਵਾਲ, ਛੱਪੜ ਦੇ ਆਲੇ-ਦੁਆਲੇ ਇੰਟਰਲਾਕ ਟਾਈਲਾਂ ਅਤੇ ਲਾਈਟਾਂ ਲਗਾਉਣ ਉੱਪਰ 50 ਲੱਖ ਰੁਪਏ, ਪਿੰਡ ਦੀ ਡਿਸਪੈਂਸਰੀ ਵਿੱਚ ਇੱਕ ਨਵਾਂ ਕਮਰਾ ਬਣਾਉਣ ਲਈ 5 ਲੱਖ ਰੁਪਏ, ਪਿੰਡ ਦੀ ਫਿਰਨੀ ਬਣਾਉਣ ਉੱਪਰ 20 ਲੱਖ ਰੁਪਏ, ਪਿੰਡ ਦੀ ਗਰਾਊਂਡ ਅਤੇ ਜ਼ਿੰਮ ਉੱਪਰ 50 ਲੱਖ ਰੁਪਏ ਅਤੇ ਪਿੰਡ ਵਿੱਚ ਸੀਮੰਟਿਡ ਬੈਂਚ ਲਗਾਉਣ ਲਈ 5 ਲੱਖ ਰੁਪਏ ਖ਼ਰਚੇ ਜਾਣਗੇ ਓਧਰ ਪਿੰਡ ਹਯਾਤ ਨਗਰ ਦੇ ਵਸਨੀਕਾਂ ਨੇ ਆਪਣੇ ਪਿੰਡ ਵਿੱਚ ਕਰੋੜਾਂ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਸ਼ੁਰੂ ਕਰਨ ਲਈ ਪੰਜਾਬ ਸਰਕਾਰ ਅਤੇ ਰਮਨ ਬਹਿਲ ਅਤੇ ਚੇਅਰਮੈਨ ਰਾਜੀਵ ਸ਼ਰਮਾ ਦਾ ਧੰਨਵਾਦ ਕੀਤਾ ਹੈ ਗੁਰਦਾਸਪੁਰ ਵੱਲੋਂ ਸ਼ਹਿਰ ਦੇ ਵਿਕਾਸ ਦੇ ਨਾਲ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡਾਂ ਦੇ ਵਿਕਾਸ ਵਿੱਚ ਵੀ ਯੋਗਦਾਨ ਪਾਇਆ ਜਾ ਰਿਹਾ ਹੈ



# ਵਾਈਸ ਚਾਂਸਲਰ ਪ੍ਰੋਫੈਸਰ ਦੀਪਤੀ ਧਰਮਾਣੀ ਨੇ ਗੀਤਾ ਕਾਵਿਆ ਦੀ ਪ੍ਰਸ਼ੰਸਾ ਕੀਤੀ

## ਡਾ. ਵਿਨੋਦ ਸ਼ਰਮਾ ਨੇ ਗੀਤਾ ਦੇ 18 ਅਧਿਆਵਾਂ ਨੂੰ ਕਾਵਿਕ ਰੂਪ ਦਿੱਤਾ ਹੈ

ਚੰਡੀਗੜ੍ਹ (ਲੋਕ ਬਾਣੀ)- ਬੁੱਧੀਜੀਵੀ ਡਾ. ਵਿਨੋਦ ਸ਼ਰਮਾ ਦੁਆਰਾ ਲਿਖੇ ਗਏ ਕਾਵਿ ਸੰਗ੍ਰਹਿ ਗੀਤਾ ਕਾਵਿਆ ਦੀ ਪ੍ਰਸ਼ੰਸਾ ਕਰ ਰਹੇ ਹਨ। ਡਾ. ਵਿਨੋਦ ਸ਼ਰਮਾ ਨੇ ਇਹ ਸੰਗ੍ਰਹਿ ਚੌਧਰੀ ਬੰਸੀ ਲਾਲ ਯੂਨੀਵਰਸਿਟੀ, ਭਿਵਾਨੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਦੀਪਤੀ ਧਰਮਾਣੀ ਨੂੰ ਭੇਟ ਕੀਤਾ। ਉਹ ਸਿੱਖਿਆ ਮਹਾਂਕੁੰਭ ??ਦੇ ਮੌਕੇ ’ਤੇ ਚੰਡੀਗੜ੍ਹ ਪ੍ਰੈਸ ਕਲੱਬ ਵਿਖੇ ਆਯੋਜਿਤ ਇੱਕ ਪ੍ਰੈਸ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਚੰਡੀਗੜ੍ਹ ਆਈ ਹੋਈ ਸੀ। ਉਸਨੇ ਕਿਹਾ ਕਿ ਗੀਤਾ ਉਸਦਾ ਮਨਪਸੰਦ ਪਵਿੱਤਰ ਗ੍ਰੰਥ ਹੈ ਅਤੇ ਉਹ ਹਮੇਸ਼ਾ ਇਸਦਾ ਅਧਿਐਨ ਕਰਦੀ ਹੈ। ਉਸਨੇ ਡਾ. ਸ਼ਰਮਾ ਦੇ ਸ਼ਾਨਦਾਰ ਕਾਰਜ ਦੀ ਪ੍ਰਸ਼ੰਸਾ ਕੀਤੀ। ਗੀਤਾ ਨੂੰ ਕਵਿਤਾ ਰੂਪ ਦੇਣਾ ਆਪਣੇ ਆਪ ਵਿੱਚ ਇੱਕ ਉੱਚ-ਗੁਣਵੱਤਾ ਵਾਲਾ ਕਾਰਜ ਹੈ। ਉਸਨੇ ਡਾ. ਵਿਨੋਦ ਸ਼ਰਮਾ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਉਸਨੇ ਕਿਹਾ ਕਿ ਗੀਤਾ ਵਿੱਚ ਯੋਗੀ ਸ਼੍ਰੀ ਕ੍ਰਿਸ਼ਨ ਦੀਆਂ ਸਿੱਖਿਆਵਾਂ ਨੂੰ ਕਾਵਿਕ ਰੂਪ ਦੇਣਾ ਪਰਮਾਤਮਾ ਵੱਲੋਂ ਇੱਕ ਵਰਦਾਨ ਹੈ। ਗੀਤਾ ਦੇ 18 ਅਧਿਆਵਾਂ ਨੂੰ ਕਾਵਿਕ ਰੂਪ ਦਿੱਤਾ ਗਿਆ ਹੈ।



# ਸਿਸਵਾਂ ਨਿਊ ਚੰਡੀਗੜ੍ਹ- ਕੁਰਾਲੀ ਰੋਡ ਤੇ ਐਕਸੀਡੈਂਟ ਵਿੱਚ 29 ਕੁ ਸਾਲਾਂ ਦੇ ਨਵਾਂ ਨਗਰ (ਹਰਿਆਣਾ)ਦੇ ਵਸਨੀਕ ਗੁਰਦੀਪ ਸਿੰਘ ਦੀ ਜਾਨ ਚਲੀ ਗਈ

ਜੇ ਕੇ ਬੱਤਾ ਨਿਊ ਚੰਡੀਗੜ੍ਹ – ਕੁਰਾਲੀ ਤੋਂ ਬੱਦੀ ਰੋਡ ਜਿਸ ਤੇ ਅਕਸਰ ਵੱਡੇ ਵੱਡੇ ਹਾਦਸੇ ਵਾਪਰਦੇ ਹਨ ਤੇ ਉਨ੍ਹਾਂ ਹਾਦਸਿਆਂ ਵਿੱਚ ਜ਼ਿਆਦਾਤਰ ਲੋਕਾਂ ਦੀਆਂ ਜਾਨਾਂ ਗਈਆਂ ਹਨ ਤੇ ਬਹੁਤ ਸਾਰੇ ਹਾਦਸਿਆਂ ਦੇ ਸ਼ਿਕਾਰ ਲੋਕ ਅਪਾਹਜ ਲਚਾਰ ਹੋ ਚੁੱਕੇ ਹਨ। ਬੀਤੇ ਦਿਨੀਂ ਵੀ ਇਸ ਖ਼ੂਨੀ ਰੂਪ ਧਾਰਨ ਕਰ ਚੁੱਕੀ ਰੋਡ ਤੇ ਇੱਕ ਮਹਿਜ 29 ਕੁ ਸਾਲਾਂ ਦੇ ਨਵਾਂ ਨਗਰ (ਹਰਿਆਣਾ)ਦੇ ਵਸਨੀਕ ਗੁਰਦੀਪ ਸਿੰਘ ਦੀ ਜਾਨ ਚਲੀ ਗਈ ਹੈ। ਮੌਕੇ ਤੇ ਪੁੱਜੇ ਥਾਣਾ ਮੁੱਲਾਂਪੁਰ ਗਰੀਬਦਾਸ ਨਿਊ ਚੰਡੀਗੜ੍ਹ ਦੇ ਜਾਂਚ ਅਧਿਕਾਰੀ ਨੇ ਦੱਸਿਆ ਕਿ ਇਹ ਐਕਸੀਡੈਂਟ ਸਿਸਵਾਂ ਨਿਊ ਚੰਡੀਗੜ੍ਹ- ਕੁਰਾਲੀ ਰੋਡ ਤੇ ਸਥਿਤ ਪੈਟਰੋਲ ਪੰਪ ਦੇ ਨੇੜੇ ਇੱਕ ਗੱਡੀ ਅਤੇ ਮੋਟਰਸਾਈਕਲ ਵਿਚਾਲੇ ਹੋਇਆ ਸੀ। ਜਿਸ ਵਿੱਚ ਚੰਡੀਗੜ੍ਹ ਵੱਲੋਂ ਜਾ ਰਹੀ ਗੱਡੀ ਅਤੇ ਬੱਦੀ ਸਾਈਡ ਤੋਂ ਆ ਰਹੇ ਮੋਟਰਸਾਈਕਲ ਵਿਚਾਲੇ ਭਿਆਨਕ ਹਾਦਸਾ ਵਾਪਰਿਆ। ਜਿਸ ਵਿਚ ਮੋਟਰਸਾਈਕਲ ਚਾਲਕ ਗੁਰਦੀਪ ਸਿੰਘ ਜੋ ਕਿ ਚੰਡੀਗੜ੍ਹ ਕਾਰਪੋਰੇਸ਼ਨ ਵਿੱਚ ਡਿਊਟੀ ਕਰਨ ਲਈ ਜਾ ਰਿਹਾ ਸੀ ਜ਼ਖਮੀ ਹੋ ਗਿਆ ਤੇ ਜਿਸ ਦੀ ਪੀ ਜੀ ਆਈ ਚੰਡੀਗੜ੍ਹ ਵਿੱਚ ਮੌਤ ਹੋ ਚੁੱਕੀ ਹੈ।ਇਸ ਮਾਮਲੇ ਸਬੰਧੀ ਗੱਡੀ ਚਾਲਕ ਖ਼ ?ਲਾਫ਼ 168 /25 ਰੋਡ ਐਕਸੀਡੈਂਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਲਾਸ਼ ਪੋਸਟਮਾਰਟਮ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ ਨੌਜਵਾਨ ਗੁਰਦੀਪ ਸਿੰਘ ਦੀ ਅੱਜ ਸਵੇਰ ਵੇਲੇ ਸਿਸਵਾਂ ਬੱਦੀ ਰੋਡ ਤੇ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਮ੍ਰਿਤਕ ਗੁਰਦੀਪ ਸਿੰਘ ਮਹਿਜ਼ 29 ਕੁ ਸਾਲਾਂ ਦਾ ਸੀ ਤੇ ਦੋ ਬੇਟੀਆਂ ਦਾ ਪਿਤਾ ਸੀ।

# ਜੈਕਾਰਿਆਂ ਦੀ ਗੂੰਜ ਵਿੱਚ ਧਾਰਮਿਕ ਯਾਤਰਾ ਲਈ ਬੱਸਾਂ ਜਥੇਦਾਰ ਨਿਮਾਣਾ ਨੇ ਕੀਤਾ ਰਵਾਨਾ

## ਗੁਰੂ ਸਾਹਿਬਾਨਾਂ ਦੇ ਉਪਦੇਸ਼ਾਂ ਤੇ ਪਹਿਰਾ ਦੇਣਾ ਜੀਵਨ ਦੀ ਅਸਲ ਯਾਤਰਾ ਹੈ - ਜਥੇਦਾਰ ਨਿਮਾਣਾ

ਲੁਧਿਆਣਾ(ਸੁਖਚੈਨ ਮਹਿਰਾ)- ਸੰਗਤਾਂ ਨੂੰ ਇਤਿਹਾਸਿਕ ਗੁਰਦੂਆਰਾ ਸਾਹਿਬ ਦੇ ਦਰਸ਼ਨ ਕਰਵਾ ਕੇ ਗੁਰੂ ਸਾਹਿਬਾਨ ਦੇ ਦਸੇ ਮਾਰਗ ਤੇ ਚੱਲਣ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਦਾ ਵਡਾ ਉਪਰਾਲਾ ਲੰਬੇ ਸਮੇਂ ਤੋਂ ਗੁਰੂ ਰਾਮਦਾਸ ਸੰਗਤ ਸੁਸਾਇਟੀ ਜੱਥਾ ਧਰਮਪੁਰਾ ਵਲੋਂ ਕੀਤਾ ਜਾ ਰਿਹਾ ਹੈ। ਇਨ੍ਹਾ ਸ਼ਬਦਾ ਦਾ ਪ੍ਰਗਟਾਵਾ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਅਤੇ ਕੌਮੀ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਨੇ ਸਥਾਨਕ ਗੁਰਦੂਆਰਾ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ, ਧਰਮਪੁਰਾ ਲੁਧਿਆਣਾ ਵਿਖੇ ਕੀਤਾ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਬਾਣੀ ਬਾਣੇ ਦੇ ਧਾਰਨੀ ਹੋ ਕੇ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ਤੇ ਪਹਿਰਾ ਦਿੰਦੇ ਹੋਏ ਮਨੁੱਖਤਾ ਦੀ ਸੇਵਾ ਕਰਨੀ ਜੀਵਨ ਦੀ ਅਸਲ ਯਾਤਰਾ ਹੈ। ਇਸ ਮੌਕੇ ਤੇ ਨਿਸ਼ਾਨ ਸਾਹਿਬ ਦੇ ਝੰਡੇ ਥੱਲੇ ਗੁਰਪ੍ਰੀਤ ਸਿੰਘ ਧਰਮਪੁਰਾ ਦੀ ਅਗਵਾਈ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ,ਗੁਰਦੂਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਗੁਰਦੂਆਰਾ ਬਾਬਾ ਬਕਾਲਾ ਸਾਹਿਬ ਲਈ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਜੈਕਾਰਿਆਂ ਦੀ ਗੂੰਜ ਵਿੱਚ ਬਸਾਂ ਨੂੰ ਰਵਾਨਾ ਕੀਤਾ।



# ਹੜ ਪੀੜਤ ਕਿਸਾਨਾਂ ਵਾਸਤੇ ਮੁੱਖ ਮੰਤਰੀ ਮਾਨ ਨੇ ਵੱਡਾ ਐਲਾਨ ਕਰ ਦਿੱਤਾ - ਮੁਖਦੇਵ ਸਿੰਘ ਆਲੋਵਾਲ

## 5 ਲੱਖ ਏਕੜ ਲਈ ਮੁਫਤ ਬੀਜ ਕਿਸਾਨਾਂ ਨੂੰ ਮੁਹਈਆ ਕਰਵਾਇਆ ਜਾਵੇਗਾ - ਆਲੋਵਾਲ

ਗੁਰਦਾਸਪੁਰ ( ਜਸਵਿੰਦਰ ਸਿੰਘ )-ਮੁੱਖ ਮੰਤਰੀ ਮਾਨ ਨੇ ਵੱਡਾ ਐਲਾਨ ਕਰ ਦਿੱਤਾ ਹੜ ਪੀੜਤ ਕਿਸਾਨਾਂ ਵਾਸਤੇ ਪੰਜਾਬ ਸਰਕਾਰ ਦੀ ਸ਼ਲਾਘਾਯੋਗ ਕਦਮ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਕਾਦੀਆਂ ਤੋਂ ਮੁਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ ਗੁਰਦਾਸਪੁਰ ਨੇ ਕਿਹਾ ਕਿ ਇਹ ਵੱਡਾ ਐਲਾਨ ਕੀਤਾ ਗਿਆ ਹੜ ਪੀੜਤ ਕਿਸਾਨਾਂ ਵਾਸਤੇ ਮੁੱਖ ਮੰਤਰੀ ਮਾਨ ਨੇ ਵੱਡਾ ਐਲਾਨ ਕਰ ਦਿੱਤਾ ਕਿ ਕਿਸਾਨਾਂ ਨੂੰ ਕਣਕ ਦਾ ਮੁਫਤ ਬੀਜ ਸਰਕਾਰ ਦੇ ਵੱਲੋਂ ਦਿੱਤਾ ਜਾਵੇਗਾ 5 ਲੱਖ ਏਕੜ ਦੇ ਲਈ ਇਹ ਬੀਜ ਮੁਹਈਆ ਕਰਵਾਇਆ ਜਾਵੇਗਾ ਸਰਕਾਰ ਦੇ ਵੱਲੋਂ 2 ਲੱਖ ਕੁਇੰਟਲ ਬੀਜ ਮੁਫਤ ਦੇ ਵਿੱਚ ਦਿੱਤਾ ਜਾਵੇਗਾ ਸਰਕਾਰ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹ ਮੁੱਖ ਮੰਤਰੀ ਮਾਨ ਦੇ ਵੱਲੋਂ ਕਿਸਾਨਾਂ ਨੂੰ ਇਸ ਗੱਲ ਦਾ ਭਰੋਸਾ ਦਿੱਤਾ ਗਿਆ ਤੇ ਨਾਲ ਹੀ ਵੱਡਾ ਐਲਾਨ ਕੀਤਾ ਗਿਆ ਕਿ 5 ਲੱਖ ਏਕੜ ਦੇ ਲਈ ਮੁਫਤ ਬੀਜ ਕਿਸਾਨਾਂ ਨੂੰ ਮੁਹਈਆ ਕਰਵਾਇਆ ਜਾਵੇਗਾ



# ਚੇਅਰਮੈਨ ਤੇ ਡਿਪਟੀ ਕਮਿਸ਼ਨਰ ਨੇ ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਤਸਵ ਸਮਾਗਮਾਂ ਦੀ ਤਿਆਰੀ ਦਾ ਲਿਆ ਜਾਇਜ਼ਾ

## ਪੰਜਾਬ ਸਰਕਾਰ ਵੱਲੋਂ ਸਮਾਗਮਾਂ ਤੇ ਸ਼ਰਧਾਲੂਆਂ ਦੀ ਸੁਵਿਧਾ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣਗੇ

ਜਲੰਧਰ, (ਲੋਕ ਬਾਣੀ) : ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਅਤੇ ਡਿਪਟੀ ਕਮਿਸ਼ਨਰ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਵੱਲੋਂ 6 ਅਤੇ 7 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਤਸਵ ਸਮਾਗਮਾਂ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣਗੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਧਾਰਮਿਕ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਇਸ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਤਿਆਰੀਆਂ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ 6 ਅਕਤੂਬਰ ਨੂੰ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ ਅਤੇ 7 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਮਹਾਰਾਜ ਦਾ ਪ੍ਰਗਟ ਉਤਸਵ ਮਨਾਇਆ ਜਾਵੇਗਾ। ਚੇਅਰਮੈਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਤਸਵ ਸਮਾਗਮਾਂ ਨੂੰ ਬੇਮਿਸਾਲ ਢੰਗ ਨਾਲ ਮਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਰਧਾਲੂਆਂ ਦੀ ਸੁਵਿਧਾ ਦੇ ਮੱਦੇਨਜ਼ਰ ਵਿਆਪਕ ਪ੍ਰਬੰਧ ਕੀਤੇ ਜਾਣਗੇ।




# ਹੜ ਪੀੜਤ ਕਿਸਾਨਾਂ ਵਾਸਤੇ ਮੁੱਖ ਮੰਤਰੀ ਮਾਨ ਨੇ ਵੱਡਾ ਐਲਾਨ ਕਰ ਦਿੱਤਾ - ਚੇਅਰਮੈਨ ਰਾਜੀਵ ਸ਼ਰਮਾ

## 5 ਲੱਖ ਏਕੜ ਲਈ ਮੁਫਤ ਬੀਜ ਕਿਸਾਨਾਂ ਨੂੰ ਮੁਹਈਆ ਕਰਵਾਇਆ ਜਾਵੇਗਾ - ਚੇਅਰਮੈਨ

ਗੁਰਦਾਸਪੁਰ ( ਜਸਵਿੰਦਰ ਸਿੰਘ )-ਮੁੱਖ ਮੰਤਰੀ ਮਾਨ ਨੇ ਵੱਡਾ ਐਲਾਨ ਕਰ ਦਿੱਤਾ ਹੜ ਪੀੜਤ ਕਿਸਾਨਾਂ ਵਾਸਤੇ ਪੰਜਾਬ ਸਰਕਾਰ ਦੀ ਸ਼ਲਾਘਾਯੋਗ ਕਦਮ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਫਹਿਤਗੜ ?ਵ ਚੂੜੀਆਂ ਦੇ ਵਸਨੀਕ ਚੇਅਰਮੈਨ ਰਾਜੀਵ ਸ਼ਰਮਾ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਕਿਹਾ ਕਿ ਇਹ ਵੱਡਾ ਐਲਾਨ ਕੀਤਾ ਗਿਆ ਹੜ ਪੀੜਤ ਕਿਸਾਨਾਂ ਵਾਸਤੇ ਮੁੱਖ ਮੰਤਰੀ ਮਾਨ ਨੇ ਵੱਡਾ ਐਲਾਨ ਕਰ ਦਿੱਤਾ ਕਿ ਕਿਸਾਨਾਂ ਨੂੰ ਕਣਕ ਦਾ ਮੁਫਤ ਬੀਜ ਸਰਕਾਰ ਦੇ ਵੱਲੋਂ ਦਿੱਤਾ ਜਾਵੇਗਾ 5 ਲੱਖ ਏਕੜ ਦੇ ਲਈ ਇਹ ਬੀਜ ਮੁਹਈਆ ਕਰਵਾਇਆ ਜਾਵੇਗਾ ਸਰਕਾਰ ਦੇ ਵੱਲੋਂ 2 ਲੱਖ ਕੁਇੰਟਲ ਬੀਜ ਮੁਫਤ ਦੇ ਵਿੱਚ ਦਿੱਤਾ ਜਾਵੇਗਾ ਸਰਕਾਰ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹ ਮੁੱਖ ਮੰਤਰੀ ਮਾਨ ਦੇ ਵੱਲੋਂ ਕਿਸਾਨਾਂ ਨੂੰ ਇਸ ਗੱਲ ਦਾ ਭਰੋਸਾ ਦਿੱਤਾ ਗਿਆ ਤੇ ਨਾਲ ਹੀ ਵੱਡਾ ਐਲਾਨ ਕੀਤਾ ਗਿਆ ਕਿ 5 ਲੱਖ ਏਕੜ ਦੇ ਲਈ ਮੁਫਤ ਬੀਜ ਕਿਸਾਨਾਂ ਨੂੰ ਮੁਹਈਆ ਕਰਵਾਇਆ ਜਾਵੇਗਾ



# ਨਯਾਗਾਓਂ-ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ 28 ਸਤੰਬਰ ਨੂੰ ਸਵੇਰੇ 11:00 ਵਜੇ ਸ਼ਹੀਦ ਭਗਤ ਸਿੰਘ ਦਾ 118ਵਾਂ ਜਨਮ ਦਿਨ ਮਨਾਏਗਾ

ਜੇ. ਕੇ ਬੱਤਾ, ਨਿਊ ਚੰਡੀਗੜ੍ਹ ਨਯਾਗਾਓਂ--ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ ਨੇ ਦੋ ਸਾਲ ਪਹਿਲਾਂ ਨਯਾਗਾਓਂ ਦੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਨਗਰ ਕੌਂਸਲ ਦਫ਼ਤਰ ਦੇ ਬਾਹਰ ਇੱਕ ਬੁੱਤ ਲਗਾਇਆ ਸੀ। ਸ਼ਹੀਦ ਭਗਤ ਸਿੰਘ ਦਾ 118ਵਾਂ ਜਨਮ ਦਿਨ 28 ਸਤੰਬਰ ਨੂੰ ਸਵੇਰੇ 11:00 ਵਜੇ ਨਯਾਗਾਓਂ ਦੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਮਨਾਇਆ ਜਾਵੇਗਾ। ਮੁੱਖ ਮਹਿਮਾਨ ਪੰਜਾਬ ਭਾਜਪਾ ਦੇ ਉਪ ਪ੍ਰਧਾਨ ਸ੍ਰੀ ਸੁਭਾਸ਼ ਸ਼ਰਮਾ, ਪੰਜਾਬ ਲੀਗਲ ਸੈੱਲ ਦੇ ਕਨਵੀਨਰ ਐਡਵੋਕੇਟ ਐਨ.ਕੇ. ਵਰਮਾ, ਜ਼ਿਲ੍ਹਾ ਮੁਹਾਲੀ ਦੇ ਪ੍ਰਧਾਨ ਸ੍ਰੀ ਸੰਜੀਵ ਵਸ਼ਿਸ਼ਟ ਅਤੇ ਭਾਜਪਾ ਆਗੂ ਰਾਣਾ ਰਣਜੀਤ ਸਿੰਘ ਗਿੱਲ ਹੋਣਗੇ। ਉਨ੍ਹਾਂ ਦੇ ਨਾਲ ਨਯਾਗਾਓਂ ਭਾਜਪਾ ਮੰਡਲ ਪ੍ਰਧਾਨ ਜੋਗਿੰਦਰ ਪਾਲ ਗੁੱਜਰ ਅਤੇ ਉਨ੍ਹਾਂ ਦੀ ਪੂਰੀ ਟੀਮ ਹੋਵੇਗੀ। ਨਯਾਗਾਓਂ-ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ ਦੇ ਚੇਅਰਮੈਨ ਤਰਸੇਮ ਸ਼ਰਮਾ, ਵਾਈਸ ਚੇਅਰਮੈਨ ਦਿਲਬਰ ਸਿੰਘ ਖੈਰਪੁਰ, ਪ੍ਰਧਾਨ ਜੇ.ਕੇ. ਬੱਤਾ, ਵਾਈਸ ਪ੍ਰਧਾਨ ਚਿਰੰਜੀਵ ਰਾਜੂ ਵਰਮਾ, ਖਜ਼ਾਨਚੀ ਰਵਿੰਦਰ ਭਾਟੀਆ, ਸੰਜੀਵ ਮਲਿਕ ਵਾਈਸ ਪ੍ਰਧਾਨ, ਰਵਿੰਦਰ ਸਿੰਘ ਵਾਜਿਦਪੁਰ ਜਨਰਲ ਸਕੱਤਰ, ਕੁਲਦੀਪ ਸੋਨੂੰ ਸੈਕਟਰੀ, ਸਤਨਾਮ ਸਿੰਘ ਸਿਸਵਾਂ ਜੁਆਇੰਟ ਸੈਕਟਰੀ, ਗੁਰਪ੍ਰੀਤ ਸਿੰਘ ਸੁਮਨ ਮਨੀ ਸੈਕਟਰੀ, ਅਰੁਣ ਬੱਧਨ ਮੈਂਬਰ, ਮੁੱਖ ਸਲਾਹਕਾਰ ਅਤੁਲ ਅਰੋੜਾ, ਮੁੱਖ ਸਲਾਹਕਾਰ ਆਨੰਦ ਸਿੰਘ ਅਤੇ ਹੋਰ ਸਾਰੇ ਮੈਂਬਰਾਂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦਾ ਜਨਮ 28 ਸਤੰਬਰ 1907 ਨੂੰ ਹੋਇਆ ਸੀ। ਨਯਾਗਾਓਂ-ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ ਦੇ ਮੈਂਬਰ ਸਾਰੇ ਦੇਸ਼ ਭਗਤਾਂ ਨੂੰ ਇਸ ਮੌਕੇ ਸਵੇਰੇ 11 ਵਜੇ ਨਯਾਗਾਓਂ ਦੇ ਸ਼ਹੀਦ ਭਗਤ ਸਿੰਘ ਚੌਕ ਪਹੁੰਚਣ ਦੀ ਅਪੀਲ ਕਰਦੇ ਹਨ।




# ਭਗਵੰਤ ਮਾਨ ਸਰਕਾਰ ਦਾ ਇੱਕ ਹੋਰ ਲੋਕ ਪੱਖੀ ਫ਼ੈਸਲਾ - ਸਿਮਰਜੀਤ ਸਿੰਘ ਸਾਬ

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦੇ ਨਕਦ ਰਹਿਤ ਇਲਾਜ ਲਈ ਰਜਿਸਟਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ - ਸਿਮਰਜੀਤ ਸਿੰਘ ਸਾਬ

ਗੁਰਦਾਸਪੁਰ ( ਜਸਵਿੰਦਰ ਸਿੰਘ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਵਿਆਪਕ ਸਿਹਤ ਸੰਭਾਲ ਕਵਰੇਜ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਲਈ ਰਜਿਸਟ ?ਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ ਕੀਤੀ, ਜਿਸ ਤਹਿਤ ਸੂਬੇ ਦੇ 3 ਕਰੋੜ ਨਿਵਾਸੀਆਂ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਇਲਾਜ ਮਿਲੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਿਮਰਜੀਤ ਸਿੰਘ ਸਾਬ ਜ਼ਿਲ੍ਹਾ ਪ੍ਰਧਾਨ ਟਰੇਡ ਵਿੰਗ ਗੁਰਦਾਸਪੁਰ ਨੇ ਦੱਸਿਆ ਕਿ ਇਸ ਰਜਿਸਟ ?ਰੇਸ਼ਨ ਪ੍ਰਕਿਰਿਆ ਦਾ ਆਨਲਾਈਨ ਉਦਘਾਟਨ ਰਾਜ ਸਿਹਤ ਏਜੰਸੀ (ਐੱਸ.ਐੱਚ.ਏ.) ਦਫ਼ਤਰ ਤੋਂ ਕੀਤਾ ਗਿਆ। ਇਹ ਪ੍ਰਾਜੈਕਟ ਫ਼ ?ਲਹਾਲ ਦੋ ਜ਼ਿਲਿਆਂ ਤਰਨਤਾਰਨ ਅਤੇ ਬਰਨਾਲਾ ਤੋਂ ਸ਼ੁਰੂ ਕੀਤਾ ਗਿਆ ਹੈ ਉਹਨਾਂ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਪੰਜਾਬ ਦੇਸ ਦਾ ਪਹਿਲਾ ਸੂਬਾ ਬਣ ਗਿਆ ਹੈ ਜੋ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਆਮਦਨ ਸ਼ਰਤ ਦੇ 10 ਲੱਖ ਰੁਪਏ ਦਾ ਵਿਆਪਕ ਸਿਹਤ ਬੀਮਾ ਕਵਰ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋ ਜ਼ਿਲਿਆਂ ਦੇ ਤਜਰਬੇ ਦੇ ਆਧਾਰ 'ਤੇ, ਰਜਿਸਟ ?ਰੇਸ਼ਨ ਮੁਹਿੰਮ ਨੂੰ ਤੇਜ਼ੀ ਨਾਲ ਸਮੁੱਚੇ ਸੂਬੇ ਵਿੱਚ ਲਾਗੂ ਕੀਤਾ ਜਾਵੇਗਾ ਉਹਨਾਂ ਨੇ ਅੱਗੇ ਦੱਸਿਆ ਕਿ ਇਹ ਯੋਜਨਾ ਸਿਹਤ ਸੰਭਾਲ ਲਈ ਆਮ ਲੋਕਾਂ 'ਤੇ ਪੈਣ ਵਾਲੇ ਇਲਾਜ ਸੇਵਾਵਾਂ ਦੇ ਬੋਝ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਸ ਯੋਜਨਾ ਤਹਿਤ ਲਾਭਪਾਤਰੀ ਸੂਬੇ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ 500 ਤੋਂ ਵੱਧ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦੀ ਰਹਿਤ ਇਲਾਜ ਪ੍ਰਾਪਤ ਕਰ ਸਕਦੇ ਹਨ ਉਹਨਾਂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਡਾਕਟਰੀ ਇਲਾਜਾਂ ਦੀ ਵਿਸ਼ਾਲ ਸੂਚੀ ਸ਼ਾਮਲ ਹੈ, ਜਿਸ ਤਹਿਤ 2300 ਤੋਂ ਵੱਧ ਸਿਹਤ ਪੈਕੇਜਾਂ ਵਿਚ ਹਰ ਤਰਾਂ ਦੀਆਂ ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਦੇ ਨਾਲ-ਨਾਲ ਦੁਰਘਟਨਾਤਮਕ ਸਰਜਰੀਆਂ ਨੂੰ ਵੀ ਕਵਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਪੰਜਾਬ ਦੇ ਲੋਕਾਂ ਲਈ ਹਰ ਡਾਕਟਰੀ ਸਹੂਲਤ ਨੂੰ ਇਸ ਵਿਆਪਕ ਸਿਹਤ ਬੀਮਾ ਹੇਠ ਕਵਰ ਕੀਤਾ ਜਾਵੇ



# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦੇ ਨਕਦ ਰਹਿਤ ਇਲਾਜ ਲਈ ਰਜਿਸਟਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ - ਸੇਖਵਾਂ ਭਗਵੰਤ ਮਾਨ

## ਸਰਕਾਰ ਦਾ ਇੱਕ ਹੋਰ ਲੋਕ ਪੱਖੀ ਫ਼ੈਸਲਾ - ਐਡਵੋਕੇਟ ਜਗਰੂਪ ਸਿੰਘ ਸੇਖਵਾਂ

ਗੁਰਦਾਸਪੁਰ ( ਜਸਵਿੰਦਰ ਸਿੰਘ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਵਿਆਪਕ ਸਿਹਤ ਸੰਭਾਲ ਕਵਰੇਜ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਲਈ ਰਜਿਸਟ ?ਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ ਕੀਤੀ, ਜਿਸ ਤਹਿਤ ਸੂਬੇ ਦੇ 3 ਕਰੋੜ ਨਿਵਾਸੀਆਂ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਇਲਾਜ ਮਿਲੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਇਸ ਰਜਿਸਟ ?ਰੇਸ਼ਨ ਪ੍ਰਕਿਰਿਆ ਦਾ ਆਨਲਾਈਨ ਉਦਘਾਟਨ ਰਾਜ ਸਿਹਤ ਏਜੰਸੀ (ਐੱਸ.ਐੱਚ.ਏ.) ਦਫ਼ਤਰ ਤੋਂ ਕੀਤਾ ਗਿਆ। ਇਹ ਪ੍ਰਾਜੈਕਟ ਫ਼ ?ਲਹਾਲ ਦੋ ਜ਼ਿਲਿਆਂ ਤਰਨਤਾਰਨ ਅਤੇ ਬਰਨਾਲਾ ਤੋਂ ਸ਼ੁਰੂ ਕੀਤਾ ਗਿਆ ਹੈ ਉਹਨਾਂ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਪੰਜਾਬ ਦੇਸ ਦਾ ਪਹਿਲਾ ਸੂਬਾ ਬਣ ਗਿਆ ਹੈ ਜੋ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਆਮਦਨ ਸ਼ਰਤ ਦੇ 10 ਲੱਖ ਰੁਪਏ ਦਾ ਵਿਆਪਕ ਸਿਹਤ ਬੀਮਾ ਕਵਰ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋ ਜ਼ਿਲਿਆਂ ਦੇ ਤਜਰਬੇ ਦੇ ਆਧਾਰ 'ਤੇ, ਰਜਿਸਟ ?ਰੇਸ਼ਨ ਮੁਹਿੰਮ ਨੂੰ ਤੇਜ਼ੀ ਨਾਲ ਸਮੁੱਚੇ ਸੂਬੇ ਵਿੱਚ ਲਾਗੂ ਕੀਤਾ ਜਾਵੇਗਾ ਉਹਨਾਂ ਨੇ ਅੱਗੇ ਦੱਸਿਆ ਕਿ ਇਹ ਯੋਜਨਾ ਸਿਹਤ ਸੰਭਾਲ ਲਈ ਆਮ ਲੋਕਾਂ 'ਤੇ ਪੈਣ ਵਾਲੇ ਇਲਾਜ ਸੇਵਾਵਾਂ ਦੇ ਬੋਝ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਸ ਯੋਜਨਾ ਤਹਿਤ ਲਾਭਪਾਤਰੀ ਸੂਬੇ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ 500 ਤੋਂ ਵੱਧ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦੀ ਰਹਿਤ ਇਲਾਜ ਪ੍ਰਾਪਤ ਕਰ ਸਕਦੇ ਹਨ ਉਹਨਾਂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਡਾਕਟਰੀ ਇਲਾਜਾਂ ਦੀ ਵਿਸ਼ਾਲ ਸੂਚੀ ਸ਼ਾਮਲ ਹੈ, ਜਿਸ ਤਹਿਤ 2300 ਤੋਂ ਵੱਧ ਸਿਹਤ ਪੈਕੇਜਾਂ ਵਿਚ ਹਰ ਤਰਾਂ ਦੀਆਂ ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਦੇ ਨਾਲ-ਨਾਲ ਦੁਰਘਟਨਾਤਮਕ ਸਰਜਰੀਆਂ ਨੂੰ ਵੀ ਕਵਰ ਕੀਤਾ ਜਾਂਦਾ ਹੈ।



# ਸਰਕਾਰੀ ਕਾਲਜ ਗੁਰਦਾਸਪੁਰ ਦੇ ਸਟੇਡੀਅਮ ਵਿੱਚ ਅਗਨੀਵੀਰ ਭਰਤੀ ਰੈਲੀ 12 ਤੋਂ 22 ਨਵੰਬਰ ਤੱਕ - ਕਰਨਲ ਚੇਤਨ ਪਾਂਡੇ, ਡਾਇਰੈਕਟਰ ਭਰਤੀ ਬੋਰਡ

## ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਰਤੀ ਰੈਲੀ ਦੌਰਾਨ ਭਾਰਤੀ ਫ਼ੌਜ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ

ਗੁਰਦਾਸਪੁਰ, ( ਜਸਵਿੰਦਰ ਸਿੰਘ ) ਭਾਰਤੀ ਫ਼ੌਜ ਦੇ ਭਰਤੀ ਬੋਰਡ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਮਿਤੀ 12 ਨਵੰਬਰ ਤੋਂ 22 ਨਵੰਬਰ 2025 ਤੱਕ ਅਗਨੀਵੀਰ ਭਰਤੀ ਰੈਲੀ ਕਰਵਾਈ ਜਾ ਰਹੀ ਹੈ। ਇਸ ਭਰਤੀ ਰੈਲੀ ਵਿੱਚ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ/ਸਟੋਰ ਕੀਪਰ ਅਤੇ ਅਗਨੀਵੀਰ ਟਰੇਡਸਮੈਨ (10ਵੀਂ ਅਤੇ 8ਵੀਂ) ਭਰਤੀ ਕੀਤੇ ਜਾਣਗੇ ਇਸ ਭਰਤੀ ਰੈਲੀ ਨੂੰ ਸਫ਼ਲ ਬਣਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਰਨਲ ਚੇਤਨ ਪਾਂਡੇ, ਡਾਇਰੈਕਟਰ ਭਰਤੀ ਬੋਰਡ ਅੰਮ੍ਰਿਤਸਰ, ਸਹਾਇਕ ਕਮਿਸ਼ਨਰ ਜਨਰਲ ਸ੍ਰੀ ਆਦਿੱਤਯ ਗੁਪਤਾ, ਐੱਸ.ਡੀ.ਐੱਮ. ਗੁਰਦਾਸਪੁਰ ਸ੍ਰੀ ਮਨਜੀਤ ਸਿੰਘ ਰਾਜਲਾ, ਸਹਾਇਕ ਕਮਿਸ਼ਨਰ ਸ੍ਰੀ ਰੁਪਿੰਦਰਪਾਲ ਸਿੰਘ, ਆਰ.ਟੀ.ਓ. ਸ੍ਰੀਮਤੀ ਨਵਜੋਤ ਸ਼ਰਮਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ ਮੀਟਿੰਗ ਦੌਰਾਨ ਕਰਨਲ ਚੇਤਨ ਪਾਂਡੇ, ਡਾਇਰੈਕਟਰ ਭਰਤੀ ਬੋਰਡ ਅੰਮ੍ਰਿਤਸਰ ਨੇ ਦੱਸਿਆ ਹੈ ਕਿ ਇਸ ਗੁਰਦਾਸਪੁਰ ਦੀ ਭਰਤੀ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰ ਜੋ ਕਿ ਭਰਤੀ ਪ੍ਰੀਕ੍ਰਿਆ ਦੇ ਪਹਿਲੇ ਪੜਾਅ ਵਿੱਚ ਸਫਲ ਹੋਏ ਹਨ, ਉਨ੍ਹਾਂ ਦਾ ਫਿਜ਼ੀਕਲ ਫਿਟਨੈੱਸ, ਮੈਡੀਕਲ ਫਿਟਨੈੱਸ ਦੇ ਨਾਲ-ਨਾਲ ਡਾਕੂਮੈਂਟੇਸ਼ਨ ਦੀ ਸਕਰੀਨਿੰਗ ਵੀ ਕੀਤੀ ਜਾਵੇਗੀ




# ਪਟਾਖਿਆਂ ਦੀ ਵਿਕਰੀ ਲਈ ਆਰਜ਼ੀ ਦੁਕਾਨਾਂ ਦੇ ਲਾਇਸੈਂਸ ਲਈ 27 ਸਤੰਬਰ ਤੱਕ ਦਿੱਤੀਆਂ ਜਾ ਸਕਦੀਆਂ ਨੇ ਅਰਜ਼ੀਆਂ : ਪੁਲਿਸ ਕਮਿਸ਼ਨਰ

ਜਲੰਧਰ, 24 ਸਤੰਬਰ : ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ, ਉਦਯੋਗ ਅਤੇ ਕਾਮਰਸ ਵਿਭਾਗ ਵਲੋਂ ਜਾਰੀ ਹਦਾਇਤਾਂ ਅਨੁਸਾਰ ਦਿ ਐਕਸਪਲੋਸਿਵ ਨਿਯਮ-2008 ਅਧੀਨ ਜ਼ਿਲ੍ਹਾ ਮੈਜਿਸਟ?ਰੇਟ ਵੱਲੋਂ ਸੀਡਬਲਿਓਪੀ ਨੰਬਰ 23548 ਆਫ਼ 2017 ਵਿੱਚ ਜਾਰੀ ਹੋਏ ਹੁਕਮਾਂ ਦੀ ਪਾਲਣਾ ਕਰਦੇ ਹੋਏ ਪਟਾਖੇ ਵੇਚਣ ਲਈ 20 ਆਰਜ਼ੀ ਲਾਇਸੈਂਸ ਡਰਾਅ ਰਾਹੀਂ ਜਾਰੀ ਕੀਤੇ ਜਾਣੇ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਕਮਿਸ਼ਨਰੇਟ ਜਲੰਧਰ ਸ਼ਹਿਰ ਦੇ ਇਲਾਕੇ ਅਧੀਨ ਆਉਂਦੇ ਵਸਨੀਕਾਂ, ਜਿਨ੍ਹਾਂ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੈ, ਨੇ ਜਲੰਧਰ ਸ਼ਹਿਰ ਵਿੱਚ ਨਿਰਧਾਰਿਤ ਹੋਣ ਵਾਲੇ ਸਥਾਨ ਵਿਖੇ ਪਟਾਖੇ ਵੇਚਣ ਲਈ ਆਰਜ਼ੀ ਦੁਕਾਨਾਂ ਦੇ ਆਰਜੀ ਲਾਇਸੰਸ ਲੈਣੇ ਹਨ, ਉਹ ਆਪਣਾ ਬਿਨੈ ਫਾਰਮ ਦਫ਼ਤਰ ਦੀ ਅਸਲਾ ਲਾਇਸੈਂਸਿੰਗ ਬ੍ਰਾਂਚ, ਕਮਿਸ਼ਨਰੇਟ ਜਲੰਧਰ ਤੋਂ ਹਾਸਿਲ ਕਰਕੇ ਜਾਂ ਦਫ਼ਤਰ ਕਮਿਸ਼ਨਰ ਪੁਲਿਸ ਜਲੰਧਰ ਦੀ ਵੈਬਸਾਈਟ https://jalandhrcity.punjabpolice.gov.in ਤੋਂ ਡਾਊਨਲੋਡ ਕਰਕੇ 25-09-2025 ਤੋਂ 27-09-2025 ਤੱਕ ਸਵੇਰੇ 9:30 ਤੋਂ ਸ਼ਾਮ 4 ਵਜੇ ਤੱਕ ਜਮ?ਹਾ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਨਿਰਧਾਰਿਤ ਸਮੇਂ ਤੋਂ ਬਾਅਦ ਆਉਣ ਵਾਲੀ ਅਰਜ਼ੀ ਵਿਚਾਰੀ ਨਹੀਂ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਬੰਧੀ ਡਰਾਅ 8 ਅਕਤੂਬਰ 2025 ਨੂੰ ਦੁਪਹਿਰ 12 ਵਜੇ ਰੈਡ ਕਰਾਸ ਭਵਨ, ਜਲੰਧਰ ਵਿਖੇ ਕੱਢਿਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਜਾਂ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਲੋਂ ਜਾਂ ਸਰਕਾਰ ਵਲੋਂ ਜਾਰੀ ਕੀਤੇ ਹੁਕਮਾਂ ਵਿੱਚ ਕਿਸੇ ਪ੍ਰਕਾਰ ਦੀ ਸੋਧ/ਤਬਦੀਲੀ ਹੁੰਦੀ ਹੈ ਤਾਂ ਉਸ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

# ਭਗਵੰਤ ਮਾਨ ਸਰਕਾਰ ਦਾ ਇੱਕ ਹੋਰ ਲੋਕ ਪੱਖੀ ਫ਼ੈਸਲਾ

## ਹਰ ਪੰਜਾਬੀ ਨੂੰ ਮਿਲੇਗਾ 10 ਲੱਖ ਰੁਪਏ ਦਾ ਨਕਦੀ ਰਹਿਤ ਸਿਹਤ ਬੀਮਾ ਕਵਰ : ਵਿਧਾਇਕ ਗੁਰਦੀਪ ਸਿੰਘ ਰੰਧਾਵਾ

ਗੁਰਦਾਸਪੁਰ, ( ਜਸਵਿੰਦਰ ਸਿੰਘ ) -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਵਿਆਪਕ ਸਿਹਤ ਸੰਭਾਲ ਕਵਰੇਜ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਲਈ ਰਜਿਸਟ?ਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ ਕੀਤੀ, ਜਿਸ ਤਹਿਤ ਸੂਬੇ ਦੇ 3 ਕਰੋੜ ਨਿਵਾਸੀਆਂ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਇਲਾਜ ਮਿਲੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਰਜਿਸਟ?ਰੇਸ਼ਨ ਪ੍ਰਕਿਰਿਆ ਦਾ ਆਨਲਾਈਨ ਉਦਘਾਟਨ ਰਾਜ ਸਿਹਤ ਏਜੰਸੀ (ਐੱਸ.ਐੱਚ.ਏ.) ਦਫ਼ਤਰ ਤੋਂ ਕੀਤਾ ਗਿਆ। ਇਹ ਪ੍ਰਾਜੈਕਟ ਫ਼?ਲਹਾਲ ਦੋ ਜ਼ਿਲਿਆਂ ਤਰਨਤਾਰਨ ਅਤੇ ਬਰਨਾਲਾ ਤੋਂ ਸ਼ੁਰੂ ਕੀਤਾ ਗਿਆ ਹੈ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਪੰਜਾਬ ਦੇਸ ਦਾ ਪਹਿਲਾ ਸੂਬਾ ਬਣ ਗਿਆ ਹੈ ਜੋ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਆਮਦਨ ਸ਼ਰਤ ਦੇ 10 ਲੱਖ ਰੁਪਏ ਦਾ ਵਿਆਪਕ ਸਿਹਤ ਬੀਮਾ ਕਵਰ ਪ੍ਰਦਾਨ ਕਰਦਾ ਹੈ।



# ਰਮਨ ਬਹਿਲ ਨੇ ਆਪਣੇ ਸਾਥੀਆਂ ਨਾਲ 10 ਪਿੰਡਾਂ ਦੇ 100 ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਕੰਬਲ, ਮੱਛਰਦਾਨੀਆਂ, ਗੱਦੇ ਅਤੇ ਹੋਰ ਲੋੜੀਂਦਾ ਸਮਾਨ ਵੰਡਿਆ

## ਇਸ ਸੰਕਟ ਦੀ ਘੜੀ ਵਿੱਚ ਉਹ ਆਪਣੇ ਲੋਕਾਂ ਦੇ ਨਾਲ ਖੜ੍ਹੇ ਹਨ - ਰਮਨ ਬਹਿਲ

ਗੁਰਦਾਸਪੁਰ, ( ਜਸਵਿੰਦਰ ਸਿੰਘ ) ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਇੰਚਾਰਜ ਸ੍ਰੀ ਰਮਨ ਬਹਿਲ ਵੱਲੋਂ ਅੱਜ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ 10 ਪਿੰਡਾਂ ਦੇ 100 ਲੋੜਵੰਦ ਪਰਿਵਾਰਾਂ ਨੂੰ ਕੰਬਲ, ਮੱਛਰਦਾਨੀਆਂ, ਗੱਦੇ ਅਤੇ ਹੋਰ ਲੋੜੀਂਦਾ ਸਮਾਨ ਵੰਡਿਆ ਗਿਆ ਅੱਜ ਕੱਦਾਂ ਵਾਲੀ ਮੰਡੀ ਗੁਰਦਾਸਪੁਰ ਵਿਖੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਲੋੜੀਂਦਾ ਸਮਾਨ ਵੰਡਦੇ ਹੋਏ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਉਹ ਉਨ੍ਹਾਂ ਦੇ ਨਾਲ ਹਨ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਇਹ ਸਮਾਨ ਸਾਈ ਐਸੋਸੀਏਟਸ ਅਤੇ ਵਪਾਰੀ ਭਰਾਵਾਂ ਦੇ ਸਹਿਯੋਗ ਨਾਲ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਆਪਣੇ ਸਾਥੀਆਂ ਦੇ ਨਾਲ ਪਹਿਲੇ ਦਿਨ ਤੋਂ ਹੀ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਹਰ ਸੰਭਵ ਉਪਰਾਲੇ ਕਰ ਰਹੇ ਹਨ ਅਤੇ ਅਸੀਂ ਸਾਰੇ ਮਿਲ ਕੇ ਇਸ ਸੰਕਟ ਉੱਪਰ ਕਾਬੂ ਪਾ ਲਵਾਂਗੇ। ਇਸ ਮੌਕੇ ਉਨ੍ਹਾਂ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਦਾਨੀ ਸੱਜਣਾਂ ਦਾ ਵੀ ਧੰਨਵਾਦ ਕੀਤਾ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਹੜ੍ਹਾਂ ਦੇ ਸੰਕਟ ਨਾਲ ਨਜਿੱਠਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਮੁੱਚੀ ਪੰਜਾਬ ਸਰਕਾਰ ਵੀ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਪਤਾ ਲਗਾਇਆ ਜਾ ਰਿਹਾ ਹੈ ਅਤੇ ਹਰ ਪੀੜਤ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਤੇ ਪੁਨਰਵਾਸ ਦੇ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ ਇਸ ਮੌਕੇ ਉਨ੍ਹਾਂ ਨਾਲ ਗਗਨ ਮਹਾਜਨ ਅਕਾਊਂਟੈਂਟ, ਮੋਹਨ ਸਿੰਘ, ਅਜੇ ਮਹਾਜਨ, ਆਕਾਸ਼ ਮਹਾਜਨ, ਨਵਲ ਗੁਪਤਾ, ਰਜਿੰਦਰ ਸਿੰਘ ਠੇਕੇਦਾਰ, ਰਾਜੇਸ਼ ਸਰਪਾਲ, ਸੰਜੀਵ ਸਰਪਾਲ, ਹਿਤੇਸ਼ ਮਹਾਜਨ ਬਲਾਕ ਪ੍ਰਧਾਨ ਅਤੇ ਟਰੱਸਟੀ, ਅਸ਼ਵਨੀ ਸ਼ਰਮਾ ਹਲਕਾ ਕੋਆਰਡੀਨੇਟਰ ਐਜੂਕੇਸ਼ਨ ਅਤੇ ਪਿੰਡਾਂ ਦੇ ਪੰਚ ਅਤੇ ਸਰਪੰਚ ਵੀ ਹਾਜ਼ਰ ਸਨ



# ਬੱਚਿਆਂ ਦੇ ਤੰਦਰੁਸਤ ਭਵਿੱਖ ਦੀ ਖ਼ਾਤਰ, ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਈ ਜਾਵੇ- ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ

## ਵਧੀਕ ਡਿਪਟੀ ਕਮਿਸ਼ਨਰ ਡਾ. ਬੇਦੀ ਨੇ ਪਿੰਡ ਭਾਗੋਵਾਲ ਵਿਖੇ ਪਹੁੰਚ ਕੇ ਕਿਸਾਨਾਂ ਨੂੰ ਮਿਲਕੇ ਪਰਾਲੀ ਨਾ ਸਾੜਨ ਲਈ ਸਹਿਯੋਗ ਕਰਨ ਦੀ ਕੀਤੀ ਅਪੀਲ

ਬਟਾਲਾ, ( ਜਸਵਿੰਦਰ ਸਿੰਘ ) ਸ੍ਰੀ ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਬਲਾਕ ਬਟਾਲਾ ਦੇ ਪਿੰਡ ਭਾਗੋਵਾਲ ਵਿਖੇ ਵਿਸ਼ੇਸ਼ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਕੀਤੀ ਗਈ। ਇਸ ਮੌਕੇ ਵਿਕਰਮਜੀਤ ਸਿੰਘ ਪਾਂਥੇ ਐਸ.ਡੀ.ਐਮ ਬਟਾਲਾ ਅਤੇ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਵੀ ਮੌਜੂਦ ਸਨ। ਇਸ ਮੌਕੇ ਦੀਦਾਰੇ ਦੁਨੀਆਂ, ਖਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਦੀ ਟੀਮ ਵਲੋਂ 'ਜਾਗੋ' ਨੁੱਕੜ ਨਾਟਕ ਰਾਹੀਂ ਪਰਾਲੀ ਨਾ ਸਾੜਨ ਲਈ ਕਿਸਾਨਾਂ ਨੂੰ ਜਾਗਰੂਕਤਾ ਦਾ ਸੁਨੇਹਾ ਦਿੱਤਾ। ਇਸ ਮੌਕੇ ਹਾਜ਼ਰ ਕਿਸਾਨਾਂ ਨਾਲ ਗੱਲ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਸਾਡਾ ਵਾਤਾਵਰਨ ਬੁਰੀ ਤਰ੍ਹਾਂ ਦੂਸ਼ਿਤ ਹੁੰਦਾ ਹੈ ਅਤੇ ਇਸ ਨਾਲ ਬਿਮਾਰੀਆਂ ਵਧਦੀਆਂ ਹਨ, ਜਿਨ੍ਹਾਂ ਦਾ ਸਾਡੇ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ ਤੇ ਬਹੁਤ ਮਾੜਾ ਪ੍ਰਭਾਵ ਪੈਂਦਾ ਹੈ। ਇਸ ਲਈ ਬੱਚਿਆਂ ਦੇ ਤੰਦਰੁਸਤ ਭਵਿੱਖ ਅਤੇ ਬਜੁਰਗਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਪਰਾਲੀ ਨਾ ਸਾੜੀ ਜਾਵੇ।



# ਐਮਪੀ ਮੀਤ ਹੇਅਰ ਦੇ ਓਐਸਡੀ ਹਸਨਪ੍ਰੀਤ ਨੇ ਲੋਕਾਂ ਦੀ ਸੇਵਾ ਲਈ ਫਿਰ ਡਾਹੀ ਕੁਰਸੀ ਤੇ ਫੀਲਡ ਚ ਵੀ ਜਾਣ ਲੱਗੇ

ਬਰਨਾਲਾ (ਜਤਿੰਦਰ ਦੇਵਗਨ)-ਮੈਂਬਰ ਪਾਰਲੀਮੈਂਟ ਮੀਤ ਹੇਅਰ ਦੇ ਓਐਸਡੀ ਹਸਨਪ੍ਰੀਤ ਭਾਰਦਵਾਜ ਨੇ ਲੋਕਾਂ ਦੀ ਸੇਵਾ ਲਈ ਇੱਕ ਦਫਤਰ ਬਣਾ ਕੇ ਲੋਕਾਂ ਦੀ ਸੇਵਾ ਲਈ ਫਿਰ ਕੁਰਸੀ ਡਾਹ ਲਈ ਹੈ ਤੇ ਲੋਕਾਂ ਦੀ ਸੇਵਾ ਵਿਚ ਜੁੱਟ ਗਏ ਹਨ, ਦੱਸਣ ਯੋਗ ਹੈ ਇਕ ਪਿਛਾਂਹ ਖਿੱਚੂ ਸੋਚ ਦੇ ਧਾਰਨੀ ਇੱਕ ਬਾਗੀ ਲੀਡਰ ਦੀ ਗਲਤ ਬਿਆਨੀ ਕਾਰਣ ਓਨਾਂ ਨਗਰ ਕੌਂਸਲ ਬਰਨਾਲਾ ਵਿੱਚ ਬਣਾਇਆ ਦਫ਼ਤਰ ਬੰਦ ਕਰ ਦਿੱਤਾ ਸੀ ਪਰ ਹੁਣ ਫਿਰ ਉਹਨਾਂ ਨੇ ਹਰ ਰੋਜ਼ ਲੋਕਾਂ ਦੀ ਸੇਵਾ ਲਈ, ਲੋਕਾਂ ਦੀਆਂ ਮੁਸ਼ਕਲਾਂ ਸੁਨਣ ਲਈ ਤੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਮੌਕੇ ਤੇ ਹੱਲ ਕਰਨ ਲਈ ਇੱਕ ਦਫਤਰ ਬਣਾਕੇ ਕੁਰਸੀ ਡਾਹ ਲਈ ਹੈ ,ਇਸ ਤੋਂ ਇਲਾਵਾ ਉਹ ਲੋਕਾਂ ਦੀਆਂ ਮੁਸ਼ਕਿਲਾਂ ਸੁਨਣ ਲਈ ਫੀਲਡ ਚ ਵੀ ਜਾਣ ਲੱਗ ਪਏ ਹਨ , ਹਸਨਪ੍ਰੀਤ ਭਾਰਦਵਾਜ ਪਹਿਲਾਂ ਘੰਟੇਵਧੀ ਦਫਤਰ ਚ ਬੈਠ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਦੇ ਹਨ ਅਤੇ ਫੇਰ ਮੌਕਾ ਮਿਲਣ ਪਰ ਫੀਲਡ ਚ ਨਿਕਲ ਜਾਂਦੇ ਹਨ ਤੇ ਹਲਕੇ ਦੇ ਪਿੰਡਾਂ ਵਿੱਚ ਜਾ ਕੇ ਲੋਕਾਂ ਤੱਕ ਪਹੁੰਚ ਕਰਕੇ ਉਹਨਾਂ ਦੀਆਂ ਸਮੱਸਿਆਵਾਂ ਸੁਣ ਕੇ ਮੌਕਾ ਪਰ ਹੱਲ ਕਰਦੇ ਹਨ ਅਤੇ ਨਾਲ ਹੀ ਵਿਕਾਸ ਕਾਰਜਾਂ ਸਬੰਧੀ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਵੀ ਜਾਰੀ ਕਰਦੇ ਹਨ ਦੱਸ ਦਈਏ ਕਿ ਹਸਨਪ੍ਰੀਤ ਭਾਰਦਵਾਜ ਆਮ ਆਦਮੀ ਪਾਰਟੀ ਦੇ ਟਕਸਾਲੀ ਨੇਤਾ ਹਨ ਅਤੇ ਸ਼ੁਰੂ ਤੋਂ ਹੀ ਗੁਰਮੀਤ ਸਿੰਘ ਮੀਤ ਹੇਰ ਨਾਲ ਜੁੜੇ ਹੋਏ ਹਨ ਭਾਰਤਵਾਜ ਨੇ ਮੀਤ ਹੇਅਰ ਦੇ ਹਰ ਇਲੈਕਸ਼ਨ ਵਿੱਚ ਦਿਨ ਰਾਤ ਤਨਦੇਹੀ ਨਾਲ ਕੰਮ ਕੀਤਾ ਅਤੇ ਜਦੋਂ ਮੀਤ ਹੇਅਰ ਕੈਬਨਿਟ ਮੰਤਰੀ ਬਣ ਗਏ ਤਾਂ ਓਨਾਂ ਨੂੰ ਮਿਲੇ ਅੱਧੇ ਤੋਂ ਵੱਧ ਵਿਭਾਗਾਂ ਦਾ ਕੰਮ ਹਸਨਪ੍ਰੀਤ ਭਾਰਦਵਾਜ ਸੰਭਾਲਦੇ ਸਨ, ਉਸ ਤੋਂ ਬਾਅਦ ਮੀਤ ਹੇਅਰ ਦੀ ਲੋਕ ਸਭਾ ਚੋਣ ਵਿੱਚ ਵੀ ਹਸਨਪ੍ਰੀਤ ਭਾਰਦਵਾਜ ਨੇ ਤਨ ਮਨ ਧਨ ਨਾਲ ਕੰਮ ਕੀਤਾ ਨਤੀਜਨ ਮੀਤ ਹੇਅਰ ਵੱਡੀ ਲੀਡ ਲੈਕੇ ਐਮਪੀ ਬਣੇ।



# ਆਬਕਾਰੀ ਵਿਭਾਗ ਨੇ ਸਤਲੁਜ ਦਰਿਆ ਨੇੜਲੇ ਪਿੰਡਾਂ ’ਚ ਚਲਾਈ ਵਿਸ਼ੇਸ਼ ਤਲਾਸ਼ੀ ਮੁਹਿੰਮ

## ਬਰਾਮਦ ਕਰੀਬ 6 ਹਜ਼ਾਰ ਲੀਟਰ ਲਾਹਣ, 3 ਭੱਠੀਆਂ, 6 ਲੋਹੇ ਦੇ ਡਰੰਮ ਤੇ ਸ਼ਰਾਬ ਦੀਆਂ ਬੋਤਲਾਂ ਮੌਕੇ ’ਤੇ ਕੀਤੀਆਂ ਨਸ਼ਟ

ਜਲੰਧਰ, (ਲੋਕ ਬਾਣੀ)-ਸਹਾਇਕ ਕਮਿਸ਼ਨਰ (ਆਬਕਾਰੀ), ਜਲੰਧਰ ਰੇਂਜ-2 ਨਵਜੀਤ ਸਿੰਘ ਨੇ ਦੱਸਿਆ ਕਿ ਆਬਕਾਰੀ ਵਿਭਾਗ ਦੇ ਡਿਪਟੀ ਕਮਿਸ਼ਨਰ, ਜਲੰਧਰ ਜ਼ੋਨ ਸੁਰਿੰਦਰ ਕੁਮਾਰ ਗਰਗ ਦੀਆਂ ਹਦਾਇਤਾਂ ’ਤੇ ਆਬਕਾਰੀ ਵਿਭਾਗ ਵਲੋਂ ਨਜ਼ਾਇਜ ਸ਼ਰਾਬ ਦੀ ਰੋਕਥਾਮ ਲਈ ਆਬਕਾਰੀ ਅਫਸਰ, ਜਲੰਧਰ ਵੈਸਟ-ਏ ਸੁਨੀਲ ਗੁਪਤਾ ਦੀ ਨਿਗਰਾਨੀ ਵਿੱਚ ਆਬਕਾਰੀ ਵਿਭਾਗ ਦੀ ਟੀਮ ਜਿਸ ਵਿੱਚ ਆਬਕਾਰੀ ਨਿਰੀਖਕ, ਨੂਰਮਹਿਲ ਸਰਵਣ ਸਿੰਘ, ਆਬਕਾਰੀ ਨਿਰੀਖਕ ਨਕੋਦਰ ਸਾਹਿਲ ਰੰਗਾ ਸ਼ਾਮਿਲ ਸਨ, ਵਲੋਂ ਆਬਕਾਰੀ ਪੁਲਿਸ ਸਮੇਤ ਅੱਜ ਸਤਲੁਜ ਦਰਿਆ ਦੇ ਕੰਢੇ ਉਤੇ ਪੈਂਦੇ ਪਿੰਡਾਂ ਬੁਰਜ, ਗਦਰੇ, ਢਗਾਰਾ, ਸੰਗੋਵਾਲ, ਭੋਡੇ, ਵੇਹਰਾਂ, ਕੈਮਵਾਲਾ ਅਤੇ ਧਰਮੇ ਦੀਆ ਛੰਨਾ ਵਿਖੇ ਵਿਸ਼ੇਸ ਤਲਾਸ਼ੀ ਮੁਹਿੰਮ ਚਲਾਈ ਗਈ। ਸਹਾਇਕ ਕਮਿਸ਼ਨਰ (ਆਬਕਾਰੀ) ਜਲੰਧਰ ਰੇਂਜ-2 ਨਵਜੀਤ ਸਿੰਘ ਨੇ ਦੱਸਿਆ ਕਿ ਇਸ ਤਲਾਸ਼ੀ ਮੁਹਿੰਮ ਦੌਰਾਨ 11 ਪਲਾਸਟਿਕ ਤਿਰਪਾਲ (ਹਰੇਕ ਵਿੱਚ 500 ਲੀਟਰ) ਲਗਭਗ 5500



ਲੀਟਰ ਲਾਹਣ, 3 ਚਾਲੂ ਭੱਠੀਆਂ ਸਮੇਤ 6 ਲੋਹੇ ਦੇ ਡਰੰਮ ਜਿਨ੍ਹਾਂ ਵਿੱਚ ਲਗਭਗ 480 ਲੀਟਰ ਲਾਹਣ, 2 ਖਾਲੀ ਲੋਹੇ ਦੇ ਡਰੰਮ, 1 ਸਿਲਵਰ ਪਤੀਲਾ, ਜਿਸ ਵਿੱਚ ਲਗਭਗ 36 ਬੋਤਲਾਂ ਨਾਜਾਇਜ਼ ਸ਼ਰਾਬ, 3 ਰਬੜ ਦੀਆਂ ਟਿਊਬਾਂ, ਜਿਨ੍ਹਾਂ ਵਿੱਚ ਲਗਭਗ 250 ਬੋਤਲਾਂ ਨਾਜਾਇਜ਼ ਸ਼ਰਾਬ, 4 ਪਲਾਸਟਿਕ ਦੀਆਂ ਬੋਤਲਾਂ ਅਤੇ 1 ਪਲਾਸਟਿਕ ਕੈਨ, ਜਿਸ ਵਿੱਚ ਲਗਭਗ 17 ਬੋਤਲਾਂ ਨਾਜਾਇਜ਼ ਸ਼ਰਾਬ ਅਤੇ 4 ਥੈਲੇ ਗੁੜ ਲਗਭਗ 160 ਕਿਲੋਗ੍ਰਾਮ ਲਵਾਰਿਸ ਹਾਲਤ ਵਿੱਚ ਮਿਲੇ ਸਨ। ਉਨ੍ਹਾਂ ਦੱਸਿਆ ਕਿ ਆਬਕਾਰੀ ਵਿਭਾਗ ਦੀ ਟੀਮ ਵੱਲੋਂ ਇਹਨਾਂ ਨੂੰ ਮੌਕੇ ’ਤੇ ਹੀ ਨਸ਼ਟ ਕਰ ਦਿੱਤਾ ਗਿਆ।

# ਐਕਸਾਈਜ਼ ਵਿਭਾਗ ਵਲੋਂ 12 ਬੋਤਲਾਂ ਵਿਸਕੀ ਬਰਾਮਦ, ਕੇਸ ਦਰਜ

ਜਲੰਧਰ,( ਲੋਕ ਬਾਣੀ)-ਸਹਾਇਕ ਕਮਿਸ਼ਨਰ (ਆਬਕਾਰੀ) ਰੇਂਜ ਜਲੰਧਰ ਵੈਸਟ ਨਵਜੀਤ ਸਿੰਘ ਨੇ ਦੱਸਿਆ ਕਿ ਐਕਸਾਈਜ਼ ਅਫ਼ਸਰ ਜਲੰਧਰ ਵੈਸਟ-ਬੀ ਜਸਪ੍ਰੀਤ ਸਿੰਘ ਦੀ ਦੇਖ-ਰੇਖ ਵਿੱਚ ਐਕਸਾਈਜ਼ ਇਸੰਪੈਕਟਰ ਸੋਮੰਤ ਮਾਹੀ ਵਲੋਂ ਐਕਸਾਈਜ਼ ਪੁਲਿਸ ਤੋਂ ਏ.ਐਸ.ਆਈ.ਹਰਜੀਤ ਸਿੰਘ ਨਾਲ ਕਰਤਾਰਪੁਰ ਦੇ ਬੌਲੀ ਮੁਹੱਲਾ ਐਕਸਾਈਜ਼ ਨਾਕਾ ਵਿਖੇ ਰੂਪ ਲਾਲ ਪੁੱਤਰ ਸੋਹਨ ਲਾਲ ਵਾਸੀ ਮਕਾਨ ਨੰਬਰ 4265 ਨੂੰ ਕਾਬੂ ਕਰਕੇ, ਉਸ ਪਾਸੋਂ 12 ਬੋਤਲਾਂ ਮਾਰਕਾ ਰਾਇਲ ਸਟੈਗ ਬਰਾਮਦ ਕੀਤੀਆਂ ਗਈਆਂ। ਸਹਾਇਕ ਕਮਿਸ਼ਨਰ (ਆਬਕਾਰੀ) ਰੇਂਜ ਜਲੰਧਰ ਵੈਸਟ ਨਵਜੀਤ ਸਿੰਘ ਨੇ ਅੱਗੇ ਦੱਸਿਆ ਕਿ ਫੜੇ ਗਏ ਵਿਅਕਤੀ ਖਿਲਾਫ਼ ਐਫ.ਆਈ.ਆਰ. ਨੰਬਰ 231 ਮਿਤੀ 23.09.2025 ਦਰਜ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਐਕਸਾਈਜ਼ ਵਿਭਾਗ ਵਲੋਂ ਅਜਿਹੀ ਨਾਕਾਬੰਦੀ ਜਾਰੀ ਰੱਖੀ ਜਾਵੇਗੀ।



# ਨਵ ਨਿਯੁਕਤ ਡੀਐਸਪੀ ਸਪੈਸ਼ਲ ਕ੍ਰਾਈਮ ਧਰਮਿੰਦਰ ਕਲਿਆਣ ਨੂੰ ਡਿਸਕ ਦੇ ਕੇ ਸਨਮਾਨਿਤ ਕੀਤਾ ਗਿਆ

(ਲੋਕ ਬਾਣੀ)-ਡੀਜੀਪੀ ਪੰਜਾਬ ਵੱਲੋਂ ਵਧੀਆ ਕੰਮ ਕਰ ਰਹੇ ਪੁਲਿਸ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਇਸੇ ਮੁਹਿੰਮ ਤਹਿਤ ਹੀ ਨਵ ਨਿਯੁਕਤ ਡੀਐਸਪੀ ਸਪੈਸ਼ਲ ਕ੍ਰਾਈਮ ਧਰਮਿੰਦਰ ਕਲਿਆਣ ਨੂੰ ਡਿਸਕ ਦੇ ਕੇ ਸਨਮਾਨਿਤ ਕੀਤਾ ਗਿਆ ਇਹ ਡਿਸਕ ਉਹਨਾਂ ਨੂੰ ਐਸਐਸਪੀ ਦਿਹਾਤੀ ਮਨਿੰਦਰ ਸਿੰਘ ਵੱਲੋਂ ਲਗਾਈ ਗਈ। ਇੱਥੇ ਇਹ ਦੱਸਣ ਯੋਗ ਹੈ ਕਿ ਡੀਐਸਪੀ ਧਰਮਿੰਦਰ ਕਲਿਆਣ ਵੱਖ-ਵੱਖ ਥਾਣਿਆਂ ਵਿੱਚ ਬਤੌਰ ਐਸਐਚਓ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ ਤੇ ਉਹਨਾਂ ਦੀ ਕਾਰਗੁਜ਼ਾਰੀ ਬਹੁਤ ਹੀ ਵਧੀਆ ਰਹੀ ਤੇ ਲੋਕਾਂ ਦੀ ਹਰੇਕ ਕੰਮ ਪਹਿਲ ਦੇ ਅਧਾਰ ਤੇ ਕੀਤੇ ਗਏ। ਧਰਮਿੰਦਰ ਕਲਿਆਣ ਨੇ ਕਿਹਾ ਕਿ ਜਿਸ ਤਰ੍ਹਾਂ ਉਹ ਪਹਿਲਾਂ ਪੁਲਿਸ ਪ੍ਰਸ਼ਾਸਨ ਦੀ ਨਿਯਮਾਂ ਅਨੁਸਾਰ ਲੋਕਾਂ ਨੂੰ ਸੇਵਾਵਾਂ ਦਿੰਦੇ ਰਹੇ ਹਨ ਨਿਰੰਤਰ ਜਾਰੀ ਰਹਿਣਗੀਆਂ। ਉਹਨਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਨਸ਼ੇ ਦੀ ਦਲਦਲ ਵਿੱਚੋਂ ਨਿਕਲ ਕੇ ਖੇਡਾਂ ਵੱਲ ਧਿਆਨ ਦੇਣ ਤਾਂ ਹੀ ਰੰਗਲਾ ਪੰਜਾਬ ਬਣ ਸਕਦਾ ਹੈ।



# ਰਾਕਸ਼ਸ ਤੜਕਾ ਦਾ ਵਧ ਨਯਾਗਾਓਂ ਵਿੱਚ ਕੁਮਾਓਂ ਸਭਾ ਵੱਲੋਂ ਪੇਸ਼ ਕੀਤੀ ਜਾ ਰਹੀ ਹਾਈ-ਟੈਕ ਰਾਮਲੀਲਾ ਦਾ ਇੱਕ ਮੁੱਖ ਆਕਰਸ਼ਣ ਬਣ ਗਿਆ-ਜੇ.ਕੇ. ਬੱਤਾ, ਨਿਊ ਚੰਡੀਗੜ੍ਹ

(ਲੋਕ ਬਾਣੀ) ਨਯਾਗਾਓਂ ਦੇ ਦਸ਼ਮੇਸ਼ ਨਗਰ ਵਿੱਚ ਕੁਮਾਓਂ ਸਭਾ ਰਜਿਸਟਰ ਵੱਲੋਂ ਡਾਇਰੈਕਟਰ ਸ਼੍ਰੀ ਮਹੇਸ਼ ਉਪਾਧਿਆਏ ਦੀ ਅਗਵਾਈ ਹੇਠ ਭਗਵਾਨ ਸ਼੍ਰੀ ਰਾਮ ਦੇ ਵੱਖ-ਵੱਖ ਮਨੋਰੰਜਨਾਂ ਦਾ ਇੱਕ ਮਨਮੋਹਕ ਨਾਟਕ ਪੇਸ਼ ਕੀਤਾ ਜਾ ਰਿਹਾ ਹੈ। ਸਭਾ ਦੇ ਬੋਰਡ ਪ੍ਰਧਾਨ ਮੋਹਨ ਸਿੰਘ ਮਿਰੋਲਾ, ਪ੍ਰਿੰਸੀਪਲ ਐਡਵੋਕੇਟ ਮਦਨ ਮੋਹਨ ਪਾਂਡੇ, ਰਾਮਲੀਲਾ ਡਾਇਰੈਕਟਰ ਮਹੇਸ਼ ਚੰਦਰ ਉਪਾਧਿਆਏ, ਬੋਰਡ ਸਕੱਤਰ ਨਾਰਾਇਣ ਸਿੰਘ ਘੋੜਦੋੜਾ, ਜਨਰਲ ਸਕੱਤਰ ਤੇਜਸਵੀ ਮਠਪਾਲ, ਖਜ਼ਾਨਚੀ ਪੰਕਜ ਫੁਲਾਰਾ, ਮੁੱਖ ਨਿਰਦੇਸ਼ਕ ਮਦਨ ਮੋਹਨ ਜੋਸ਼ੀ, ਰਾਮਲੀਲਾ ਡਾਇਰੈਕਟਰ ਖਿਆਲੀ ਰਾਮ ਉਪਰੇਤੀ, ਅਤੇ ਹੋਰ ਰਾਮਲੀਲਾ ਰਾਹੀਂ ਭਗਵਾਨ ਰਾਮ ਦੇ ਮਨੋਰੰਜਨਾਂ ਦਾ ਇੱਕ ਉੱਚ-ਤਕਨੀਕੀ ਪ੍ਰਦਰਸ਼ਨ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਮੰਗਲਵਾਰ ਦੀ ਰਾਮਲੀਲਾ ਵਿੱਚ, ਮੋਹਨ ਸਿੰਘ ਮਿਰੋਲਾ, ਵਕੀਲ ਮਦਨ ਮੋਹਨ ਪਾਂਡੇ, ਅਤੇ ਮਹੇਸ਼ ਚੰਦਰ ਉਪਾਧਿਆਏ ਨੇ ਸਮਝਾਇਆ ਕਿ ਰਾਮਲੀਲਾ ਵਿੱਚ, ਭਗਵਾਨ ਰਾਮ



ਵਿਸ਼ਵਾਮਿੱਤਰ ਦੇ ਹੁਕਮ ’ਤੇ ਤਾੜਕਾ (ਇੱਕ ਰਾਕਸ਼ਸ) ਨੂੰ ਮਾਰਦੇ ਹਨ, ਉਸਦੀ ਮਾਸੀ ਦੇ ਹੁਕਮ ’ਤੇ ਨਹੀਂ। ਇਹ ਘਟਨਾ ਗੁਰੂ ਵਿਸ਼ਵਾਮਿੱਤਰ ਦੇ ਆਸ਼ਰਮ ਨੂੰ ਜਾਂਦੇ ਸਮੇਂ ਦਰਸਾਈ ਗਈ ਹੈ, ਜਿੱਥੇ ਰਾਮ ਤਾੜਕਾ ਅਤੇ ਉਸਦੇ ਪੁੱਤਰ ਸੁਬਾਹੂ ਨੂੰ ਮਾਰਦਾ ਹੈ। ਤਾੜਕਾ ਦੇ ਕਤਲ ਦਾ ਪ੍ਰਸੰਗ: ਵਿਸ਼ਵਾਮਿੱਤਰ ਦਾ ਹੁਕਮ: ਮਹਾਰਿਸ਼ੀ ਵਿਸ਼ਵਾਮਿੱਤਰ ਭਗਵਾਨ ਰਾਮ ਅਤੇ ਲਕਸ਼ਮਣ ਨਾਲ ਆਸ਼ਰਮ ਵੱਲ ਯਾਤਰਾ ਕਰ ਰਹੇ ਹਨ। ਰਸਤੇ ਵਿੱਚ, ਉਨ੍ਹਾਂ ਨੂੰ ਤਾੜਕਾ ਨਾਮਕ ਰਾਕਸ਼ਸ ਨੇ ਰੋਕਿਆ ਹੈ। ਰਾਕਸ਼ਸ ਤੜਕਾ ਦਾ ਵਧ: ਵਿਸ਼ਵਾਮਿੱਤਰ ਦੇ ਹੁਕਮ ’ਤੇ, ਭਗਵਾਨ ਰਾਮ ਤਾੜਕਾ ਨੂੰ ਇੱਕ ਤੀਰ ਨਾਲ ਮਾਰਦੇ ਹਨ, ਜਿਸ ਨਾਲ ਉਸਦੀ ਮੁਕਤੀ ਹੁੰਦੀ ਹੈ। ਸੁਬਾਹੂ ਦਾ ਕਤਲ: ਤਾੜਕਾ ਨੂੰ ਮਾਰਨ ਤੋਂ ਬਾਅਦ, ਰਾਮ ਆਪਣੇ ਪੁੱਤਰਾਂ ਸੁਬਾਹੂ ਅਤੇ ਮਰੀਚ ’ਤੇ ਵੀ ਤੀਰ ਚਲਾਉਂਦੇ ਹਨ।

# ਡੀ.ਸੀ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਵਿਰੁੱਧ ਜਾਗਰੂਕ ਕਰਨ ਲਈ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ

ਲੁਧਿਆਣਾ,( ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)-ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਬੁੱਧਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਪਰਾਲੀ ਸਾੜਨ ਵਿਰੁੱਧ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਦੀਪ ਸਿੰਘ ਅਤੇ ਹੋਰ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਮੌਜੂਦ ਸਨ। ਡੀ.ਸੀ ਨੇ ਕਿਹਾ ਕਿ ਇਹ ਅਤਿ-ਆਧੁਨਿਕ ਵਾਹਨ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੀ ਜ਼ਰੂਰਤ ਬਾਰੇ ਜਾਗਰੂਕ ਕਰਨ ਵਿੱਚ ਸਹਾਇਕ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਝੋਨੇ ਦੀ ਪਰਾਲੀ ਕਿਸਾਨਾਂ ਲਈ ਲਾਭਦਾਇਕ ਹੈ ਅਤੇ ਇਸਨੂੰ ਨਹੀਂ ਸਾੜਨਾ ਚਾਹੀਦਾ ਕਿਉਂਕਿ ਫਸਲਾਂ ਦੀ ਰਹਿੰਦ-ਖੂੰਹਦ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ ਜੇਕਰ ਇਸਨੂੰ ਅਤਿ-ਆਧੁਨਿਕ ਉਪਕਰਣਾਂ ਦੀ ਮਦਦ ਨਾਲ ਖੇਤ ਵਿੱਚ ਕਟਾਈ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਹੋਰਾਂ ਨੂੰ ਜਨਤਕ ਮੀਟਿੰਗਾਂ, ਸੈਮੀਨਾਰਾਂ, ਜਨਤਕ ਘੋਸ਼ਣਾਵਾਂ ਆਦਿ




ਪਰਾਲੀ ਨੂੰ ਸਾੜਨਾ ਵਾਤਾਵਰਣ ਲਈ ਖ਼ਤਰਾ ਪੈਦਾ ਕਰਦਾ ਹੈ ਅਤੇ ਇਸ ਤੋਂ ਹਰ ਕੀਮਤ ’ਤੇ ਬਚਣਾ ਚਾਹੀਦਾ ਹੈ। ਹਿਮਾਂਸ਼ੂ ਜੈਨ ਨੇ ਖੇਤੀਬਾੜੀ ਵਿਭਾਗ, ਪੀ.ਪੀ.ਸੀ.ਬੀ, ਸਹਿਕਾਰੀ ਸਭਾਵਾਂ ਵਿਭਾਗ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਰਾਹੀਂ ਪਿੰਡਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਵੀ ਆਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਉੱਨਤ ਮਸ਼ੀਨਰੀ ਨਾਲ ਸਹਾਇਤਾ ਕਰਨ ਲਈ ਸਰਗਰਮ ਰਹੀ ਹੈ।

# ਆਦਿ ਧਰਮ ਸਤਿਸੰਗ ਸਮਾਗਮ ’ਚ ਸੰਤ ਸਤਵਿੰਦਰ ਹੀਰਾ ਨੇ ਸੰਗਤਾਂ ਨੂੰ ਏਕਤਾ, ਪਿਆਰ ਤੇ ਭਾਈਚਾਰਕ ਸਾਂਝ ਬਣਾਉਣ ਦੇ ਉਪਦੇਸ਼ ਨਾਲ ਜੋੜਿਆ

ਹੁਸ਼ਿਆਰਪੁਰ (ਤਰਸੇਮ ਦੀਵਾਨਾ) - ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਮਲੋਟ ਵਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੂੰ ਸਮਰਪਿਤ ਆਦਿ ਧਰਮ ਸਤਿਸੰਗ ਸਮਾਗਮ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਕਰਵਾਏ ਗਏ ,ਜਿਸ ਵਿੱਚ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ , ਸੰਤ ਬੀਬੀ ਪੂਨਮ ਹੀਰਾ ਮੈਂਬਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਨੇ ਪਹੁੰਚਕੇ ਸੰਗਤਾਂ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਅਤੇ ਇਤਿਹਾਸ ਤੋਂ ਜਾਣੂ ਕਰਾਇਆ। ਇਸ ਮੌਕੇ ਸੰਤ ਸਤਵਿੰਦਰ ਹੀਰਾ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਓਂਦਿਆ ਕਿਹਾ ਉਹ ਮਹਾਂਪੁਰਸ਼ ਸਦੀਆਂ ਤੱਕ ਯਾਦ ਕੀਤੇ ਜਾਂਦੇ ਹਨ, ਜਿਹਨਾਂ ਨੇ ਆਪਣੇ ਸਮੇਂ ਦੇ ਝੱਖੜਾਂ ਅਤੇ ਤੂਫਾਨਾਂ ਨੂੰ ਨਾ ਸਿਰਫ ਝੱਲਿਆ ਹੀ, ਸਗੋਂ ਉਹਨਾਂ ਵਿਚੋਂ ਵਿਚਰਦੇ ਹੋਏ ਆਪਣੀ ਮਾਨਵਤਾ-ਪੱਖੀ ਸਮਦ੍ਰਿਸ਼ਟੀ ਵਾਲੀ ਸੋਚ ਜਾਗਦੀ ਰੱਖੀ। ਆਪਣੇ ਵੇਲੇ ਦੇ ਸਥਾਪਿਤ ਨਿਜਾਮ ਨੂੰ ਅਤੇ ਹਰ ਇਨਸਾਨੀਅਤ ਦੇ ਦੁਸ਼ਮਣ ਨੂੰ ਵੰਗਾਰਿਆ। ਅਜਿਹੇ ਵਿਅਕਤੀ, ਵਿਅਕਤੀ ਨਾ ਹੋ ਕੇ ਇੱਕ ਦੈਵੀ ਸ਼ਖਸ਼ੀਅਤ ਬਣ ਜਾਂਦੇ ਹਨ। ਉਹਨਾਂ ਨੂੰ ਸਿਰਫ ਧਾਰਮਿਕ ਵਿਅਕਤੀ ਜਾਂ ਉਹਨਾਂ ਦੇ ਸ਼ਰਧਾਲੂ ਹੀ ਯਾਦ ਨਹੀਂ ਕਰਦੇ ਸਗੋਂ ਯੁੱਗਾਂ ਯੁੱਗਾਂ ਤੱਕ ਉਹਨਾਂ ਦੇ ਜਗਾਏ ਦੀਪ ਤੋਂ ਆਉਣ ਵਾਲੀਆਂ ਪੀੜ੍ਹੀਆਂ ਰੋਸ਼ਨੀ ਲੈਂਦੀਆਂ ਰਹਿੰਦੀਆਂ



ਹਨ ਅਜਿਹੇ ਹੀ ਇੱਕ ਸੰਤ-ਇਨਕਲਾਬੀ ਰਹਿਬਰ ਸਤਿਗੁਰੂ ਰਵਿਦਾਸ ਜੀ ਹੋਏ ਹਨ ਜਿਹਨਾਂ ਦੇ ਚਰਨਾਂ ਨਾਲ ਜੁੜਕੇ ਕਰੋੜਾਂ ਕਰੋੜਾਂ ਜੀਵਾਂ ਦਾ ਸੰਸਾਰ ਤੋਂ ਪਾਰ ਉਤਾਰਾ ਹੋ ਗਿਆ।

# ਕਲਾਸਰੂਮ ਤੋਂ ਕਰੀਅਰ ਤੱਕ

**ਵਿਜੈ ਗਰਗ**

ਲੋਕ ਬਾਣੀ

ਵਿਦਿਆਰਥੀਆਂ ਅਤੇ ਹਾਲ ਹੀ ਦੇ ਗ੍ਰੈਜੂਏਟਾਂ ਲਈ ਕਲਾਸਰੂਮ ਤੋਂ ਕਰੀਅਰ ਵੱਲ ਤਬਦੀਲੀ ਅਕਸਰ ਚੁਣੌਤੀਪੂਰਨ ਹੁੰਦੀ ਹੈ, ਕਿਉਂਕਿ ਅਕਾਦਮਿਕ ਗਿਆਨ ਹਮੇਸ਼ਾ ਪੇਸ਼ੇਵਰ ਸੰਸਾਰ ਵਿੱਚ ਲੋੜੀਂਦੇ ਹੁਨਰਾਂ ਵਿੱਚ ਸਿੱਧਾ ਅਨੁਵਾਦ ਨਹੀਂ ਕਰਦਾ। ਇਹ ਪਾੜਾ ਇਸ ਲਈ ਮੌਜੂਦ ਹੈ ਕਿਉਂਕਿ ਬਹੁਤ ਸਾਰੇ ਅਕਾਦਮਿਕ ਪ੍ਰੋਗਰਾਮ ਸਿਧਾਂਤ 'ਤੇ ਕੇਂਦ੍ਰਤ ਕਰਦੇ ਹਨ, ਜਦੋਂ ਕਿ ਮਾਲਕ ਵਿਹਾਰਕ ਹੁਨਰਾਂ ਅਤੇ ਅਸਲ-ਸੰਸਾਰ ਦੇ ਅਨੁਭਵ ਨੂੰ ਤਰਜੀਹ ਦਿੰਦੇ ਹਨ। ਇਸ ਪਾੜੇ ਨੂੰ ਪੂਰਾ ਕਰਨ ਲਈ, ਵਿਅਕਤੀਆਂ ਅਤੇ ਵਿਦਿਅਕ ਸੰਸਥਾਵਾਂ ਦੋਵਾਂ ਨੂੰ ਸਰਗਰਮ ਕਦਮ ਚੁੱਕਣੇ ਚਾਹੀਦੇ ਹਨ।

ਵਿਦਿਆਰਥੀਆਂ ਅਤੇ ਨੌਕਰੀ ਲੱਭਣ ਵਾਲਿਆਂ ਲਈ ਰਣਨੀਤੀਆਂ

ਵਿਹਾਰਕ ਤਜਰਬਾ ਹਾਸਲ ਕਰੋ: ਤੁਹਾਡੇ ਖੇਤਰ ਵਿੱਚ ਇੰਟਰਨਸ਼ਿਪ, ਸਹਿਕਾਰੀ ਪ੍ਰੋਗਰਾਮ, ਅਤੇ ਪਾਰਟ-ਟਾਈਮ ਨੌਕਰੀਆਂ ਅਨਮੋਲ ਹਨ। ਇਹ ਪੇਸ਼ੇਵਰ ਸੰਸਾਰ ਦਾ ਸੁਆਦ ਪ੍ਰਦਾਨ ਕਰਦੇ ਹਨ ਅਤੇ ਤੁਹਾਨੂੰ ਅਸਲ-ਸੰਸਾਰ ਦੇ ਸੰਦਰਭ ਵਿੱਚ ਸਿੱਖੀਆਂ ਗੱਲਾਂ ਨੂੰ ਲਾਗੂ ਕਰਨ ਦੀ ਆਗਿਆ ਦਿੰਦੇ ਹਨ।

ਨਰਮ ਹੁਨਰ ਵਿਕਸਤ ਕਰੋ: ਇਹ ਗੈਰ-ਤਕਨੀਕੀ ਹੁਨਰ ਹਨ ਜੋ ਕਿਸੇ ਵੀ ਕੰਮ ਵਾਲੀ ਥਾਂ 'ਤੇ ਸਫਲਤਾ ਲਈ ਬਹੁਤ ਜ਼ਰੂਰੀ ਹਨ। ਮਾਲਕ ਸੰਚਾਰ, ਟੀਮ ਵਰਕ, ਸਮੱਸਿਆ-ਹੱਲ, ਆਲੋਚਨਾਤਮਕ ਸੋਚ ਅਤੇ ਅਨੁਕੂਲਤਾ ਨੂੰ ਬਹੁਤ ਮਹੱਤਵ ਦਿੰਦੇ ਹਨ। ਇਹਨਾਂ ਯੋਗਤਾਵਾਂ ਨੂੰ ਨਿਖਾਰਨ ਲਈ ਸਮੂਹ ਪ੍ਰੋਜੈਕਟਾਂ ਵਿੱਚ ਹਿੱਸਾ ਲਓ, ਵਲੰਟੀਅਰ ਕਰੋ, ਜਾਂ ਵਿਦਿਆਰਥੀ ਕਲੱਬਾਂ ਵਿੱਚ ਸ਼ਾਮਲ ਹੋਵੋ।

ਇੱਕ ਪੇਸ਼ੇਵਰ ਨੈੱਟਵਰਕ ਬਣਾਓ: ਕਰੀਅਰ ਮੇਲਿਆਂ, ਉਦਯੋਗ ਕਾਨਫਰੰਸਾਂ ਅਤੇ ਨੈੱਟਵਰਕਿੰਗ ਸਮਾਗਮਾਂ ਵਿੱਚ ਸ਼ਾਮਲ ਹੋਵੋ। ਲਿੰਕਡਇਨ ਵਰਗੇ ਪਲੇਟਫਾਰਮਾਂ 'ਤੇ ਪੇਸ਼ੇਵਰਾਂ ਨਾਲ ਜੁੜੋ। ਤੁਹਾਡਾ ਨੈੱਟਵਰਕ ਤੁਹਾਡੇ ਚੁਣੇ ਹੋਏ ਖੇਤਰ ਵਿੱਚ ਸਲਾਹ, ਨੌਕਰੀ ਦੀਆਂ ਲੀਡਾਂ ਅਤੇ ਸੂਝ ਪ੍ਰਦਾਨ ਕਰ ਸਕਦਾ ਹੈ।



ਇੱਕ ਮਜ਼ਬੂਤ ਪੋਰਟਫੋਲੀਓ ਬਣਾਓ: ਤੁਹਾਡੇ ਕੰਮ ਦਾ ਇੱਕ ਪੋਰਟਫੋਲੀਓ, ਭਾਵੇਂ ਇਹ ਤੁਹਾਡੇ ਕੋਡਿੰਗ ਪ੍ਰੋਜੈਕਟਾਂ ਨੂੰ ਪ੍ਰਦਰਸ਼ਿਤ ਕਰਨ ਵਾਲੀ ਇੱਕ ਵੈਬਸਾਈਟ ਹੋਵੇ, ਡਿਜ਼ਾਈਨ ਕੰਮ ਦਾ ਸੰਗ੍ਰਹਿ ਹੋਵੇ, ਜਾਂ ਖੋਜ ਪੱਤਰਾਂ ਦਾ ਪੋਰਟਫੋਲੀਓ ਹੋਵੇ, ਤੁਹਾਡੇ ਹੁਨਰਾਂ ਅਤੇ ਯੋਗਤਾਵਾਂ ਦਾ ਠੋਸ ਸਬੂਤ ਪ੍ਰਦਾਨ ਕਰਦਾ ਹੈ।

ਜੀਵਨ ਭਰ ਸਿੱਖਣ ਨੂੰ ਅਪਣਾਓ: ਨੌਕਰੀ ਦਾ ਬਾਜ਼ਾਰ ਲਗਾਤਾਰ ਵਿਕਸਤ ਹੋ ਰਿਹਾ ਹੈ। ਲਗਾਤਾਰ ਨਵੇਂ ਹੁਨਰ ਸਿੱਖਣ ਅਤੇ ਆਪਣੇ ਉਦਯੋਗ ਵਿੱਚ ਤਬਦੀਲੀਆਂ ਦੇ ਅਨੁਕੂਲ ਹੋਣ ਲਈ ਤਿਆਰ ਰਹੋ। ਇਸ ਵਿੱਚ ਔਨਲਾਈਨ ਕੋਰਸ ਲੈਣਾ, ਪ੍ਰਮਾਣੀਕਰਣ ਪ੍ਰਾਪਤ ਕਰਨਾ, ਜਾਂ ਅੱਗੇ ਦੀ ਸਿੱਖਿਆ ਪ੍ਰਾਪਤ ਕਰਨਾ ਸ਼ਾਮਲ ਹੋ ਸਕਦਾ ਹੈ।


ਵਿਦਿਅਕ ਸੰਸਥਾਵਾਂ ਦੀ ਭੂਮਿਕਾ

ਅਸਲ-ਸੰਸਾਰ ਪ੍ਰੋਜੈਕਟਾਂ ਨੂੰ ਏਕੀਕ੍ਰਿਤ ਕਰੋ: ਪਾਠਕ੍ਰਮ ਵਿੱਚ ਪ੍ਰੋਜੈਕਟ-ਅਧਾਰਤ ਸਿਖਲਾਈ ਅਤੇ ਕੇਸ ਅਧਿਐਨ ਸ਼ਾਮਲ ਹੋਣੇ ਚਾਹੀਦੇ ਹਨ ਜੋ ਪੇਸ਼ੇਵਰ ਸੰਸਾਰ ਵਿੱਚ ਦਰਪੇਸ਼ ਚੁਣੌਤੀਆਂ ਦੀ ਨਕਲ ਕਰਦੇ ਹਨ। ਇਹ ਵਿਦਿਆਰਥੀਆਂ ਨੂੰ ਸਿਰਫ਼ ਸੁਣ ਕੇ ਜਾਂ ਪੜ੍ਹ ਕੇ ਨਹੀਂ, ਸਗੋਂ ਕਰ ਕੇ ਸਿੱਖਣ ਵਿੱਚ ਮਦਦ ਕਰਦਾ ਹੈ।

ਉਦਯੋਗ ਭਾਈਵਾਲੀ ਨੂੰ ਉਤਸ਼ਾਹਿਤ ਕਰਨਾ: ਕਾਰੋਬਾਰਾਂ ਅਤੇ ਸੰਗਠਨਾਂ ਨਾਲ ਸਹਿਯੋਗ ਵਿਦਿਆਰਥੀਆਂ ਨੂੰ ਇੰਟਰਨਸ਼ਿਪ ਦੇ ਮੌਕੇ, ਪੇਸ਼ੇਵਰਾਂ ਤੋਂ ਮਹਿਮਾਨ ਭਾਸ਼ਣ, ਅਤੇ ਇੱਕ ਅਜਿਹਾ ਪਾਠਕ੍ਰਮ ਪ੍ਰਦਾਨ ਕਰ ਸਕਦਾ ਹੈ ਜੋ ਮੌਜੂਦਾ ਉਦਯੋਗ ਦੀਆਂ ਜ਼ਰੂਰਤਾਂ ਦੇ ਅਨੁਸਾਰ ਹੋਵੇ।

ਕਰੀਅਰ ਸੇਵਾਵਾਂ ਨੂੰ ਮਜ਼ਬੂਤ ਕਰੋ: ਯੂਨੀਵਰਸਿਟੀਆਂ ਅਤੇ ਕਾਲਜਾਂ ਨੂੰ ਵਿਆਪਕ ਕਰੀਅਰ ਸਹਾਇਤਾ ਦੀ ਪੇਸ਼ਕਸ਼ ਕਰਨੀ ਚਾਹੀਦੀ ਹੈ, ਜਿਸ ਵਿੱਚ ਰੈਜ਼ਿਊਮੇ ਵਰਕਸ਼ਾਪਾਂ, ਮੌਕ ਇੰਟਰਵਿਊ ਅਤੇ ਵਿਅਕਤੀਗਤ ਕਰੀਅਰ ਕਾਉਂਸਲਿੰਗ ਸ਼ਾਮਲ ਹੈ। ਉਨ੍ਹਾਂ ਨੂੰ ਵਿਦਿਆਰਥੀਆਂ ਨੂੰ ਮਾਲਕਾਂ ਅਤੇ ਸਾਬਕਾ ਵਿਦਿਆਰਥੀਆਂ ਨਾਲ ਸਰਗਰਮੀ ਨਾਲ ਜੋੜਨਾ ਵੀ ਚਾਹੀਦਾ ਹੈ।

ਨਰਮ ਹੁਨਰਾਂ 'ਤੇ ਜ਼ੋਰ ਦਿਓ: ਸਿੱਖਿਅਕਾਂ ਨੂੰ ਜਾਣਬੁੱਝ ਕੇ ਆਪਣੇ ਅਧਿਆਪਨ ਤਰੀਕਿਆਂ ਵਿੱਚ ਨਰਮ ਹੁਨਰਾਂ ਦੇ ਵਿਕਾਸ ਨੂੰ ਸ਼ਾਮਲ ਕਰਨਾ ਚਾਹੀਦਾ ਹੈ, ਕਲਾਸ ਚਰਚਾਵਾਂ, ਸਮੂਹ ਪੇਸ਼ਕਾਰੀਆਂ ਅਤੇ ਸਹਿਯੋਗੀ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ।



**ਵਿਜੈ ਗਰਗ**
**ਰਿਟਾਇਰਡ ਪ੍ਰਿੰਸੀਪਲ**
**ਐਜੂਕੇਸ਼ਨਲ ਕਾਲਮਨਵੀਸ਼ ਸਿੱਖਿਆ**
**ਸ਼ਾਸਤਰੀ ਗਲੀ ਕੌਰ ਚੰਦ**
**ਐਮ.ਐਚ.ਆਰ. ਮਲੋਟ ਪੰਜਾਬ**

